SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 166** | **Tuesday, 10 September 2024** | **Tel: 905-793-2202 | Fax: 905-793-2282 | news@punjabipost.ca** ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਹਾਈ-ਆਕਿਊਪੇਂਸੀ ਵਹੀਕਲ ਲੇਨ ਦਾ ਇਸਤੇਮਾਲ ਕਰਨ ਲਈ ਔਰਤ ਨੇ ਮੁਸਾਫਰ ਸੀਟ 'ਤੇ ਕੋਟ ਰੱਖ ਕੇ ਕੀਤਾ ਡਰਾਮਾ

ਟੋਰਾਂਟੋ, 9 ਸਤੰਬਰ (ਪੋਸਟ ਬਿਊਰੋ): ਓਂਟਾਰੀਓ ਪੁਲਿਸ ਦਾ ਕਹਿਣਾ ਹੈ ਕਿ ਇੱਕ ਡਰਾਈਵਰ ਨੇ ਖਾਲੀ ਕੋਟ ਪਹਿਨਕੇ ਮੁਸਾਫਰ ਦੀ ਨਕਲ ਕੀਤੀ ਤਾਂਕਿ ਉਹ ਕਿਊ.ਈ.ਡਬਲਯੂ. 'ਤੇ ਜ਼ਿਆਦਾ ਟ੍ਰੈਫਿਕ ਵਾਲੇ ਸਮੇਂ ਵਿੱਚ ਹਾਈ-ਆਕਿਊਪੇਂਸੀ ਵਹੀਕਲ (ਐੱਚਓਵੀ) ਲੇਨ ਦਾ ਇਸਤੇਮਾਲ ਕਰ ਸਕੇ।



ਓਂਟਾਰੀਓ ਪੁਲਿਸ (ਓਪੀਪੀ) ਨੇ ਕਿਹਾ ਕਿ ਉਹ ਐੱਚਓਵੀ ਇੰਫੋਰਸਮੈਂਟ ਕੰਡਕਟ ਕਰ ਰਹੇ ਸਨ, ਜਦੋਂ ਉਨ੍ਹਾਂ ਨੇ 21 ਸਾਲਾ ਡਰਾਈਵਰ ਅਤੇ ਪਫੀ ਕੋਟ ਵਾਲੇ ਮੁਸਾਫਰ ਨੂੰ ਸ਼ੁੱਕਰਵਾਰ ਨੂੰ ਸ਼ਾਮ ਕਰੀਬ 5:10 ਵਜੇ ਬਰਲਿੰਗਟਨ ਵਿੱਚ ਪੱਛਮ ਵੱਲ ਜਾਂਦੇ ਵੇਖਿਆ।

ਐਕਸ ਉੱਤੇ ਇੱਕ ਪੋਸਟ ਵਿੱਚ ਪੁਲਿਸ ਨੇ ਕਿਹਾ ਕਿ ਉਸ 'ਤੇ ਐੱਚਓਵੀ ਉਲੰਘਣਾ ਦਾ ਚਾਰਜਿਜ਼ ਲਗਾਇਆ ਗਿਆ ਹੈ। ਹਾਲਾਂਕਿ ਓਪੀਪੀ ਨੇ ਇਹ ਨਹੀਂ ਦੱਸਿਆ ਕਿ ਜੁਰਮਾਨਾ ਕੀ ਸੀ ਪਰ ਡਰਾਈਵਰਾਂ ਨੂੰ ਆਮ ਤੌਰ 'ਤੇ 110 ਡਾਲਰ ਦਾ ਜੁਰਮਾਨਾ ਅਤੇ ਤਿੰਨ ਡਿਮੇਰਿਟ ਪੁਆਇੰਟ ਦਾ ਸਾਹਮਣਾ ਕਰਨਾ ਪੈਂਦਾ ਹੈ।

ਇਹ ਪਹਿਲੀ ਵਾਰ ਨਹੀਂ ਹੈ ਜਦੋਂ ਡਰਾਈਵਰ ਨੇ ਐੱਚਓਵੀ ਲੇਨ ਦੀ ਵਰਤੋਂ ਕਰਨ ਲਈ ਰਚਨਾਤਮਕ ਤਰੀਕੇ ਅਪਨਾਏ ਹਨ।

2015 ਵਿਚ ਵੀ ਟੋਰਾਂਟੋ ਦੇ ਇੱਕ ਡਰਾਈਵਰ ਨੇ ਪੁਤਲੇ ਬਣਾਕੇ ਉਨ੍ਹਾਂ ਨੂੰ ਆਪਣੇ ਡਾਜ ਪਿਕਅਪ ਵਿੱਚ ਮੁਸਾਫਰ ਸੀਟਾਂ 'ਤੇ ਬੰਨ੍ਹ ਦਿੱਤਾ ਸੀ। ਪੁਲਿਸ ਨੇ ਉਸ ਸਮੇਂ ਕਿਹਾ ਕਿ ਵਾਹਨ ਵਿੱਚ ਸਾਰਿਆਂ ਦੇ ਸੀਟਬੈਲਟ ਪਾਈ ਹੋਈ ਸੀ। ਉਸ ਸਮੇਂ ਵੀ ਡਰਾਈਵਰ ਨੂੰ ਚਾਰਜਿਜ ਦਾ ਸਾਹਮਣਾ ਕਰਨਾ ਪਿਆ।

## ਪੁਲਿਸ ਨੇ ਡਰਗ ਤਸਕਰੀ ਨੈੱਟਵਰਕ ਦੀ ਮਹੀਨੀਆਂ ਤੱਕ ਚੱਲੀ ਜਾਂਚ ਤਹਿਤ ਕੀਤੀਆਂ 11 ਗ੍ਰਿਫ਼ਤਾਰੀਆਂ

### ਭਾਰੀ ਮਾਤਰਾ ਵਿਚ ਨਸ਼ੀਲੇ ਪਦਾਰਥ ਅਤੇ 3 ਹੈਂਡਗੰਨ ਬਰਾਮਦ

ਟੋਰਾਂਟੋ, 9 ਸਤੰਬਰ (ਪੋਸਟ ਬਿਊਰੋ): ਟੋਰਾਂਟੋ ਖੇਤਰ ਵਿੱਚ ਚੱਲ ਰਹੇ ਇੱਕ ਡਰਗ ਤਸਕਰੀ ਨੈੱਟਵਰਕ ਦੀ ਮਹੀਨੀਆਂ ਤੱਕ ਚੱਲੀ ਜਾਂਚ ਦੇ ਨਤੀਜੇ ਵਜੋਂ 11 ਸ਼ੱਕੀਆਂ ਦੀ ਗ੍ਰਿਫ਼ਤਾਰੀ ਹੋਈ ਹੈ, ਜਿਨ੍ਹਾਂ 'ਤੇ ਲਗਭਗ ਪੰਜ ਦਰਜਨ ਅਪਰਾਧਿਕ ਦੋਸ਼ ਹਨ।



ਸੋਮਵਾਰ ਨੂੰ ਜਾਰੀ ਇੱਕ ਪ੍ਰੈੱਸ ਰਿਲੀਜ਼ ਵਿੱਚ ਹੈਲਟਨ ਰੀਜਨਲ ਪੁਲਿਸ ਸਰਵਿਸ (HRPS) ਨੇ ਪ੍ਰੋਜੈਕਟ ਕੈਟਫਿਸ਼ ਦੇ ਨਤੀਜਿਆਂ ਬਾਰੇ ਦੱਸਿਆ, ਜੋਕਿ ਹੈਲਡਿਮੈਂਡ ਕਾਊਂਟੀ ਨਾਲ ਇੱਕ ਸੰਯੁਕਤ ਜਾਂਚ ਦਾ ਯਤਨ ਹੈ।

HRPS ਨੇ ਕਿਹਾ ਕਿ ਦੋਨਾਂ ਪੁਲਿਸ ਬਲਾਂ ਨੇ ਮਈ ਵਿੱਚ ਡਰਗ ਤਸਕਰੀ ਗਰੋਹ ਦੀ ਜਾਂਚ ਸ਼ੁਰੂ ਕੀਤੀ, ਜੋ ਹੈਲਟਨ ਅਤੇ ਗਰੇਟਰ ਟੋਰਾਂਟੋ ਅਤੇ ਹੈਮਿਲਟਨ ਰੀਜਨ ਵਿਚ ਸਰਗਰਮ ਸੀ।

5 ਸਤੰਬਰ ਨੂੰ ਬਰਲਿੰਗਟਨ, ਹੈਮਿਲਟਨ, ਟੋਰਾਂਟੋ, ਡਨਵਿਲੇ ਅਤੇ ਕੈਂਬਰਿਜ ਵਿੱਚ ਸਥਿਤ ਘਰਾਂ ਅਤੇ ਵਾਹਨਾਂ 'ਤੇ ਨੌਂ ਸਰਚ ਵਾਰੰਟ ਨਾਲ ਜਾਂਚ ਸਮਾਪਤ ਹੋਈ। ਉਨ੍ਹਾਂ ਵਾਰੰਟਾਂ ਦੇ ਨਤੀਜੇ ਵਜੋਂ ਜਿਨ੍ਹਾਂ ਨੂੰ ਸਥਾਨਕ ਲਾਅ ਇੰਫੋਰਸਮੈਂਟ ਦੇ ਸਮਰਥਨ ਤੋਂ ਅੰਜ਼ਾਮ ਦਿੱਤਾ ਗਿਆ, 11 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ 'ਤੇ ਚਾਰਜਿਜ਼ ਲਗਾਏ ਗਏ।

ਪੁਲਿਸ ਨੇ ਦੱਸਿਆ ਕਿ ਅਧਿਕਾਰੀਆਂ ਨੇ ਤਿੰਨ ਹੈਂਡਗੰਨ, ਦੋ ਕਰਾਸਬੋ, ਚਾਰ ਕਿਲੋਗ੍ਰਾਮ ਮੇਥਾਮਫੇਟਾਮਾਇਨ, ਤਿੰਨ ਕਿਲੋਗ੍ਰਾਮ ਕੋਕੀਨ, 950 ਗਰਾਮ ਫੇਂਟੇਨਾਇਲ, 120,000 ਡਾਲਰ ਕੈਨੇਡੀਅਨ ਨਕਦੀ ਅਤੇ ਦੋ ਵਾਹਨ ਸਮੇਤ ਹੋਰ ਸਾਮਾਨ ਜ਼ਬਤ ਕੀਤਾ।

ਮੁਲਜ਼ਮਾਂ ਦੀ ਉਮਰ 19 ਤੋਂ 51 ਸਾਲ ਦੇ ਵਿਚਕਾਰ ਹੈ ਅਤੇ ਉਹ ਜ਼ਮਾਨਤ ਦੀ ਸੁਣਵਾਈ ਲਈ ਅਦਾਲਤ ਵਿੱਚ ਪੇਸ਼ ਹੋਣ ਲਈ ਤਿਆਰ ਹਨ। ਇਸ ਬਾਰੇ ਤਾਰੀਖਾਂ ਪੁਲਿਸ ਨੇ ਜਾਰੀ ਨਹੀਂ ਕੀਤੀਆਂ ਹਨ। ਚਾਰ ਸ਼ੱਕੀਆਂ ਨੂੰ ਪੁਲਿਸ ਹਿਰਾਸਤ ਤੋਂ ਰਿਹਾਅ ਕਰ ਦਿੱਤਾ ਗਿਆ ਹੈ।

## ਨਾਰਥ ਯਾਰਕ ਵਿੱਚ ਵਾਹਨ ਨੇ ਵਿਅਕਤੀ ਨੂੰ ਮਾਰੀ ਟੱਕਰ, ਮੌਤ

ਟੋਰਾਂਟੋ, 9 ਸਤੰਬਰ (ਪੋਸਟ ਬਿਊਰੋ): ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਨਾਰਥ ਯਾਰਕ ਵਿੱਚ ਇੱਕ ਵਿਅਕਤੀ ਨੂੰ ਇੱਕ ਵਾਹਨ ਨੇ ਟੱਕਰ ਮਾਰ ਦਿੱਤੀ, ਜਿਸਤੋਂ ਬਾਅਦ ਉਸਦੀ ਹਸਪਤਾਲ ਵਿੱਚ ਮੌਤ ਹੋ ਗਈ।

ਟੱਕਰ ਸਵੇਰੇ 6 ਵਜੇ ਤੋਂ ਬਾਅਦ ਵੇਸਟਨ ਰੋਡ ਅਤੇ ਸਟੀਲਜ਼ ਏਵੇਨਿਊ ਵੈਸਟ ਦੇ ਇਲਾਕੇ ਵਿੱਚ ਹੋਈ। ਸੋਸ਼ਲ ਮੀਡੀਆ ਉੱਤੇ ਇੱਕ ਪੋਸਟ ਵਿੱਚ ਪੁਲਿਸ ਨੇ ਕਿਹਾ ਕਿ ਪੀੜਤ ਦੀ ਉਮਰ 40 ਸਾਲ ਦੇ ਆਸਪਾਸ ਦੱਸੀ ਜਾ ਰਹੀ ਹੈ। ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ ਪੁਲਿਸ ਨੇ ਪੁਸ਼ਟੀ ਕੀਤੀ ਕਿ ਜ਼ਖਮਾਂ ਕਾਰਨ ਵਿਅਕਤੀ ਦੀ ਮੌਤ ਹੋ ਗਈ। ਪੁਲਿਸ ਵੱਲੋਂ ਹੋਰ ਜਾਂਚ ਜਾਰੀ ਹੈ।

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical
Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd
Unit 15
Brampton, ON L6S 0C2

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598



## ਅੱਜ ਨਾਮਾ

ਅੰਮ੍ਰਿਤਸਰ ਵੱਲ ਲੀਡਰ ਕਈ ਜਾਣ ਦੌੜੇ,
ਪਹੁੰਚਦੇ ਪੇਸ਼ ਸਫਾਈ ਇਹ ਕਰਨ ਭਾਈ।
ਰਾਜ-ਦਰਬਾਰ ਦਾ ਜਦੋਂ ਬਨਵਾਸ ਹੋਇਆ,
ਬਾਹਲਾ ਹੈ ਆਗੂਆਂ ਨੂੰ ਔਖਾ ਜਰਨ ਭਾਈ।
ਅਗਲੀ ਚੋਣ ਦੀ ਨਦੀ ਆ ਚੜ੍ਹੀ ਆਉਂਦੀ,
ਛੱਲਾਂ ਉਹਦੀਆਂ ਨਾਲ ਸਾਰੇ ਡਰਨ ਭਾਈ।
ਪੰਜ ਕੁ ਸਾਲ ਬਨਵਾਸ ਵੀ ਵਧ ਗਿਆ ਤਾਂ,
ਇਹੋ ਸੋਚ ਕੇ ਹਾਉਕਾ ਜਿਹਾ ਭਰਨ ਭਾਈ।
ਚੜ੍ਹਤ ਇਨ੍ਹਾਂ ਦੀ ਜਦੋਂ ਸੀ ਸਿਖਰ ਛੋਂਹਦੀ,
ਖਲਕਤ ਲਈਓ ਸੀ ਸਮਝ ਗੁਲਾਮ ਭਾਈ।
ਖਾਲਕ-ਖਲਕ ਫਿਰ ਓਦੋਂ ਸੀ ਯਾਦ ਆਏ,
ਜਦੋਂ ਦੋਪਹਿਰ ਮਗਰੋਂ ਆਈ ਸ਼ਾਮ ਭਾਈ।

**ਤੀਸ ਮਾਰ ਖਾਂ**

# ਯੌਨ ਸ਼ੋਸ਼ਣ ਦੇ ਮਾਮਲਿਆਂ ਵਿਚ ਸਾਬਕਾ ਫ਼ੈਸ਼ਨ ਦਿੱਗਜ ਪੀਟਰ ਨਿਆਗਾਰਡ ਨੂੰ 11 ਸਾਲ ਦੀ ਜੇਲ੍ਹ



ਟੋਰਾਂਟੋ, 9 ਸਤੰਬਰ (ਪੋਸਟ ਬਿਊਰੋ): ਸਾਬਕਾ ਫ਼ੈਸ਼ਨ ਦਿੱਗਜ ਪੀਟਰ ਨਿਆਗਾਰਡ ਨੂੰ ਟੋਰਾਂਟੋ ਵਿੱਚ ਯੌਨ ਸ਼ੋਸ਼ਣ ਦੇ ਮਾਮਲਿਆਂ ਵਿੱਚ 11 ਸਾਲ ਦੀ ਜੇਲ੍ਹ ਦੀ ਸਜ਼ਾ ਸੁਣਾਈ ਗਈ ਹੈ।

ਸੋਮਵਾਰ ਨੂੰ ਜਸਟਿਸ ਰਾਬਰਟ ਗੋਲਡਸਟੀਨ ਨੇ ਇਹ ਸਜ਼ਾ ਸੁਣਾਈ। ਕਰੀਬ 10 ਮਹੀਨੇ ਪਹਿਲਾਂ ਨਵੰਬਰ 2023 ਵਿੱਚ ਨਿਆਗਾਰਡ ਨੂੰ ਯੌਨ ਸ਼ੋਸ਼ਣ ਦੇ ਚਾਰ ਮਾਮਲੀਆਂ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ ਪਰ ਪੰਜਵੇਂ ਮਾਮਲੇ ਅਤੇ ਜ਼ਬਰਨ ਬੰਧਕ ਬਣਾਉਣ ਦੇ ਇੱਕ ਮਾਮਲੇ ਵਿੱਚ ਉਨ੍ਹਾਂ ਨੂੰ ਬਰੀ ਕਰ ਦਿੱਤਾ ਗਿਆ ਸੀ।

ਉਨ੍ਹਾਂ 'ਤੇ 10 ਸਾਲ ਲਈ ਹਥਿਆਰ ਪਾਬੰਦੀ, ਡੀਬੀਏ ਆਰਡਰ ਵੀ ਹੋਵੇਗਾ ਅਤੇ ਉਹ 20 ਸਾਲ ਤੱਕ ਯੌਨ ਅਪਰਾਧੀ ਰਜਿਸਟਰੀ ਵਿੱਚ ਰਹਿਣਗੇ।

ਸਜ਼ਾ ਤੋਂ ਪਹਿਲਾਂ ਹਿਰਾਸਤ ਤੋਂ ਬਾਅਦ ਨਿਆਗਾਰਡ ਦੇ ਕੋਲ ਆਪਣੀ ਸਜ਼ਾ ਪੂਰੀ ਕਰਨ ਲਈ 6.7 ਸਾਲ ਬਚੇ ਹਨ। ਜਸਟਟਿਸ ਗੋਲਡਸਟੀਨ ਨੇ ਕਿਹਾ ਕਿ ਨਿਆਗਾਰਡ 21 ਮਹੀਨਿਆਂ ਵਿੱਚ ਡੇ ਪੈਰੋਲ ਅਤੇ 27 ਮਹੀਨਿਆਂ ਵਿੱਚ ਫੁਲ ਪੈਰੋਲ ਲਈ ਯੋਗ ਹੋਣਗੇ।

ਨਿਗਾਰਡ ਇੱਕ ਫ਼ੈਸ਼ਨ ਟਾਇਕੂਨ ਸਨ ਅਤੇ ਇੱਕ ਸਮੇਂ ਉਨ੍ਹਾਂ ਨੇ ਇੱਕ ਸਫਲ ਮਹਿਲਾ ਫ਼ੈਸ਼ਨ ਕੰਪਨੀ ਦੀ ਅਗਵਾਈ ਕੀਤੀ ਸੀ। ਉਨ੍ਹਾਂ 'ਤੇ 1980 ਤੋਂ ਲੈ ਕੇ 2000 ਦੇ ਮੱਧ ਤੱਕ ਆਪਣੇ ਟੋਰਾਂਟੋ ਹੈੱਡਕੁਆਟਰ ਵਿੱਚ ਕਈ ਔਰਤਾਂ ਦਾ ਯੌਨ ਸ਼ੋਸ਼ਣ ਕਰਨ ਦਾ ਦੋਸ਼ ਸੀ।

# ਸੰਸਦ ਮੈਂਬਰ ਵਿਕਰਮਜੀਤ ਸਾਹਨੀ ਨੇ ਕਿਹਾ- ਰੂਸੀ ਫੌਜ 'ਚ ਭਰਤੀ ਕੀਤੇ ਗਏ 15 ਭਾਰਤੀਆਂ ਨੂੰ ਵਾਪਿਸ ਲਿਆਂਦਾ ਜਾ ਰਿਹਾ



ਨਵੀਂ ਦਿੱਲੀ, 9 ਸਤੰਬਰ (ਪੋਸਟ ਬਿਊਰੋ): ਰੂਸੀ ਫੌਜ ਵਿੱਚ ਭਰਤੀ ਕੀਤੇ ਗਏ 15 ਭਾਰਤੀਆਂ ਨੂੰ ਵਾਪਿਸ ਲਿਆਂਦਾ ਜਾ ਰਿਹਾ ਹੈ। ਇਸ ਦੀ ਪੁਸ਼ਟੀ ਸੰਸਦ ਮੈਂਬਰ ਵਿਕਰਮਜੀਤ ਸਾਹਨੀ ਨੇ ਕੀਤੀ ਹੈ। ਸੰਸਦ ਮੈਂਬਰ ਵਿਕਰਮਜੀਤ ਸਾਹਨੀ ਨੇ ਦੱਸਿਆ ਕਿ ਰੂਸੀ ਫੌਜ ਵਿਚ ਭਰਤੀ 15 ਭਾਰਤੀ ਨੌਜਵਾਨਾਂ ਨੂੰ ਰਿਹਾਅ ਕਰ ਦਿੱਤਾ ਹੈ, ਜਿਨ੍ਹਾਂ ਨੂੰ ਜਲਦ ਹੀ ਭਾਰਤ ਵਾਪਿਸ ਭੇਜਿਆ ਜਾ ਰਿਹਾ ਹੈ। ਇਨ੍ਹਾਂ ਵਿੱਚੋਂ ਚਾਰ ਪੰਜਾਬ ਦੇ ਹਨ। ਉਨ੍ਹਾਂ ਦੇ ਅੱਜ ਰਾਤ ਦਿੱਲੀ ਪਹੁੰਚਣ ਦੀ ਸੰਭਾਵਨਾ ਹੈ।

ਡਾ. ਸਾਹਨੀ ਨੇ ਕਿਹਾ ਕਿ ਉਹ ਮਾਰਚ 2024 ਤੋਂ ਰੂਸ ਸਥਿਤ ਭਾਰਤੀ ਦੂਤਾਵਾਸ ਅਤੇ ਨਵੀਂ ਦਿੱਲੀ ਸਥਿਤ ਰੂਸੀ ਦੂਤਾਵਾਸ ਕੋਲ ਇਸ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਂਦੇ ਆ ਰਹੇ ਹਨ। ਡਾਕਟਰ ਸਾਹਨੀ ਨੇ ਰਾਸ਼ਟਰਪਤੀ ਪੁਤਿਨ ਨਾਲ ਰੂਸ ਦੀ ਆਪਣੀ ਹਾਲੀਆ ਫੇਰੀ ਦੌਰਾਨ ਇਹ ਮੁੱਦਾ ਉਠਾਉਣ ਲਈ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕੀਤਾ।

ਡਾ. ਸਾਹਨੀ ਨੇ ਅੱਗੇ ਦੱਸਿਆ ਕਿ ਰੂਸੀ ਫੌਜ ਵਿਚ ਭਰਤੀ ਹੋਏ ਕੁੱਲ 91 ਭਾਰਤੀ ਨੌਜਵਾਨਾਂ ਵਿਚੋਂ 8 ਸ਼ਹੀਦ ਹੋ ਗਏ ਸਨ ਅਤੇ 15 ਨੂੰ ਹੁਣ ਵਾਪਿਸ ਭੇਜਿਆ ਜਾ ਰਿਹਾ ਹੈ ਅਤੇ ਬਾਕੀ 69 ਦੇ ਠੇਕੇ ਰੱਦ ਕਰਨ ਦੀ ਪ੍ਰਕਿਰਿਆ ਵੀ ਸ਼ੁਰੂ ਕਰ ਦਿੱਤੀ ਗਈ ਹੈ। ਡਾ. ਸਾਹਨੀ ਨੇ ਕਿਹਾ ਕਿ ਉਨ੍ਹਾਂ ਦਾ ਦਫ਼ਤਰ ਰੂਸ ਵਿੱਚ ਫਸੇ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਲਗਾਤਾਰ ਸੰਪਰਕ ਵਿੱਚ ਹੈ।

# ਯੂਕਰੇਨ ਨੇ ਅੱਗ ਕੱਢਣ ਵਾਲੇ ਡਰੋਨ ਨਾਲ ਰੂਸ 'ਤੇ ਕੀਤਾ ਹਮਲਾ, ਜੰਗਲਾਂ ਵਿੱਚ ਲੱਗੀ ਅੱਗ



ਕੀਵ, 9 ਸਤੰਬਰ (ਪੋਸਟ ਬਿਊਰੋ): ਯੂਕਰੇਨ ਨੇ ਰੂਸੀ ਹਮਲੇ ਦਾ ਜਵਾਬ ਦੇਣ ਲਈ ਖਤਰਨਾਕ 'ਡਰੈਗਨ ਡਰੋਨ' ਦੀ ਵਰਤੋਂ ਸ਼ੁਰੂ ਕਰ ਦਿੱਤੀ ਹੈ। ਯੂਕਰੇਨ ਦੇ ਰੱਖਿਆ ਮੰਤਰਾਲੇ ਨੇ ਬੁੱਧਵਾਰ ਨੂੰ ਸੋਸ਼ਲ ਮੀਡੀਆ 'ਤੇ ਕਈ ਵੀਡੀਓ ਪੋਸਟ ਕੀਤੇ। ਵੀਡੀਓ 'ਚ ਦੇਖਿਆ ਜਾ ਰਿਹਾ ਹੈ ਕਿ ਡਰੋਨ ਦਰੱਖਤਾਂ ਦੇ ਉੱਪਰ ਉੱਡ ਰਿਹਾ ਹੈ। ਉਹ ਲਾਵਾ ਸੁੱਟ ਰਿਹਾ ਹੈ ਜਿਸ ਕਾਰਨ ਜੰਗਲ ਨੂੰ ਅੱਗ ਲੱਗ ਗਈ ਹੈ।

ਜਾਣਕਾਰੀ ਅਨੁਸਾਰ, ਯੂਕਰੇਨ ਦੀ ਫੌਜ ਨੇ ਰੁੱਖਾਂ ਦੇ ਪਿੱਛੇ ਲੁਕੇ ਰੂਸੀ ਸੈਨਿਕਾਂ ਨੂੰ ਖਤਮ ਕਰਨ ਲਈ ਇਸਦੀ ਵਰਤੋਂ ਕੀਤੀ ਹੈ। ਇਸ ਡਰੋਨ ਵਿੱਚ ਥਰਮਾਈਟ ਦੀ ਵਰਤੋਂ ਕੀਤੀ ਗਈ ਹੈ ਜੋ ਐਲੂਮੀਨੀਅਮ ਪਾਊਡਰ ਅਤੇ ਆਇਰਨ ਆਕਸਾਈਡ ਦਾ ਮਿਸ਼ਰਣ ਹੈ। ਇਹ 4 ਹਜ਼ਾਰ ਡਿਗਰੀ ਫਾਰਨਹੀਟ ਦੇ ਤਾਪਮਾਨ 'ਤੇ ਸੜਦਾ ਹੈ।

ਜਦੋਂ ਇਹ ਡਰੋਨ ਉੱਡਦਾ ਹੈ, ਇਹ ਅੱਗ ਦਾ ਲਾਵਾ ਛੱਡਦਾ ਹੈ ਜੋਕਿ ਕਹਾਣੀਆਂ ਦੇ ਡਰੈਗਨ ਵਰਗਾ ਦਿਖਾਈ ਦਿੰਦਾ ਹੈ। ਇਹੀ ਕਾਰਨ ਹੈ ਕਿ ਇਸ ਨੂੰ ਡਰੈਗਨ ਡਰੋਨ ਕਿਹਾ ਜਾਂਦਾ ਹੈ। ਇਸ ਡਰੋਨ ਤੋਂ ਨਿਕਲਣ ਵਾਲਾ ਲਾਵਾ ਨਾ ਸਿਰਫ ਦਰੱਖਤਾਂ ਨੂੰ ਸਗੋਂ ਸਟੀਲ ਨੂੰ ਵੀ ਪਿਘਲਾ ਸਕਦਾ ਹੈ।

# ਦਿੱਲੀ 'ਚ ਵੱਡੀ ਬਾਈਕ ਸਵਾਰ ਕੋਲੋਂ 499 ਜ਼ਿੰਦਾ ਕਾਰਤੂਸ ਬਰਾਮਦ



ਨਵੀਂ ਦਿੱਲੀ, 9 ਸਤੰਬਰ (ਪੋਸਟ ਬਿਊਰੋ): ਦਿੱਲੀ ਦੇ ਮੋਤੀ ਨਗਰ ਇਲਾਕੇ ਵਿੱਚ ਇੱਕ ਬਾਈਕ ਸਵਾਰ ਕੋਲੋਂ 499 ਜ਼ਿੰਦਾ ਕਾਰਤੂਸ ਬਰਾਮਦ ਹੋਏ ਹਨ। ਦਿੱਲੀ ਪੁਲਿਸ ਨੇ ਇੱਕ ਵੱਡੀ ਸਾਜਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਹਾਲਾਂਕਿ ਪੁਲਿਸ ਨੇ ਜਿਵੇਂ ਹੀ ਬਾਈਕ ਸਵਾਰ ਨੂੰ ਚੈਕਿੰਗ ਲਈ ਰੋਕਿਆ ਤਾਂ ਉਹ ਬਾਈਕ ਨੂੰ ਮੌਕੇ 'ਤੇ ਹੀ ਛੱਡ ਕੇ ਭੱਜ ਗਿਆ।

ਦਿੱਲੀ ਪੁਲਿਸ ਨੇ ਮੋਤੀ ਨਗਰ ਰੈੱਡ ਲਾਈਟ 'ਤੇ ਰੂਟੀਨ ਡਿਊਟੀ ਦੌਰਾਨ ਬਾਈਕ ਸਵਾਰ ਨੂੰ ਚੈਕਿੰਗ ਲਈ ਰੋਕਿਆ ਤਾਂ ਬਾਈਕ ਸਵਾਰ ਬਾਈਕ ਛੱਡ ਕੇ ਮੌਕੇ ਤੋਂ ਫ਼ਰਾਰ ਹੋ ਗਏ। ਜਦੋਂ ਟ੍ਰੈਫਿਕ ਪੁਲਿਸ ਨੂੰ ਸ਼ੱਕ ਹੋਇਆ ਤਾਂ ਉਨ੍ਹਾਂ ਨੇ ਇਸ ਮਾਮਲੇ ਦੀ ਸੂਚਨਾ ਥਾਣਾ ਮੋਤੀ ਨਗਰ ਦੀ ਪੁਲਿਸ ਨੂੰ ਦਿੱਤੀ।

ਮੋਤੀ ਨਗਰ ਪੁਲਿਸ ਨੇ ਜਦੋਂ ਬਾਈਕ 'ਤੇ ਰੱਖੇ ਬੈਗ ਨੂੰ ਖੋਲ੍ਹਿਆ ਤਾਂ ਉਸ 'ਚ 499 ਜ਼ਿੰਦਾ ਕਾਰਤੂਸ ਸਨ। ਜਾਂਚ ਕਰਨ 'ਤੇ ਮੋਟਰਸਾਈਕਲ ਵੀ ਚੋਰੀ ਦਾ ਪਾਇਆ ਗਿਆ।

ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਦਿੱਲੀ ਦੇ ਸੀਮਾਪੁਰੀ ਇਲਾਕੇ ਵਿੱਚ ਇੱਕ ਕਲੱਬ ਦੇ ਬਾਹਰ ਬਦਮਾਸ਼ਾਂ ਵੱਲੋਂ ਅੰਨ੍ਹੇਵਾਹ ਗੋਲੀਬਾਰੀ ਕਰਨ ਦੀ ਘਟਨਾ ਸਾਹਮਣੇ ਆਈ ਸੀ। ਹਾਲਾਂਕਿ ਇਸ ਘਟਨਾ 'ਚ ਕੋਈ ਜਾਨੀ ਜਾਂ ਮਾਲੀ ਨੁਕਸਾਨ ਨਹੀਂ ਹੋਇਆ। ਸੂਤਰਾਂ ਨੇ ਕਲੱਬ 'ਤੇ ਦਰਜਨ ਤੋਂ ਵੱਧ ਗੋਲੀਆਂ ਚਲਾਈਆਂ ਗਈਆਂ ਸਨ।

# ਰਾਹੁਲ ਨੇ ਅਮਰੀਕਾ 'ਚ ਕਿਹਾ- ਸਭ ਕੁਝ ਮੇਡ ਇਨ ਚਾਈਨਾ, ਇਸ ਲਈ ਭਾਰਤ 'ਚ ਰੁਜ਼ਗਾਰ ਦੀ ਸਮੱਸਿਆ

ਟੈਕਸਾਸ, 9 ਸਤੰਬਰ (ਪੋਸਟ ਬਿਊਰੋ): ਰਾਹੁਲ ਗਾਂਧੀ ਵਿਰੋਧੀ ਧਿਰ ਦੇ ਨੇਤਾ ਵਜੋਂ ਪਹਿਲੀ ਵਾਰ ਵਿਦੇਸ਼ ਦੌਰੇ 'ਤੇ ਹਨ। ਉਹ ਐਤਵਾਰ ਨੂੰ ਅਮਰੀਕਾ ਦੇ ਟੈਕਸਾਸ ਰਾਜ ਪਹੁੰਚੇ। ਇੱਥੇ ਉਨ੍ਹਾਂ ਨੇ 2 ਪ੍ਰੋਗਰਾਮਾਂ 'ਚ ਹਿੱਸਾ ਲਿਆ। ਪਹਿਲਾਂ ਉਹ ਡਲਾਸ ਵਿੱਚ ਭਾਰਤੀ ਭਾਈਚਾਰੇ ਦੇ ਲੋਕਾਂ ਨੂੰ ਮਿਲੇ।

ਇਸ ਤੋਂ ਬਾਅਦ ਰਾਹੁਲ ਗਾਂਧੀ ਨੇ ਸੋਮਵਾਰ ਨੂੰ ਯੂਨੀਵਰਸਿਟੀ ਆਫ ਟੈਕਸਾਸ ਦੇ ਵਿਦਿਆਰਥੀਆਂ ਨਾਲ ਭਾਰਤੀ ਰਾਜਨੀਤੀ, ਅਰਥ ਵਿਵਸਥਾ ਅਤੇ ਭਾਰਤ ਜੋੜੋ ਯਾਤਰਾ ਸਮੇਤ ਕਈ ਮੁੱਦਿਆਂ 'ਤੇ ਚਰਚਾ ਕੀਤੀ।

ਰਾਹੁਲ ਨੇ ਕਿਹਾ ਕਿ ਭਾਰਤ ਵਿੱਚ ਹਰ ਚੀਜ਼ ਚੀਨ ਵਿੱਚ ਬਣੀ ਹੈ। ਚੀਨ ਨੇ ਉਤਪਾਦਨ 'ਤੇ ਧਿਆਨ ਦਿੱਤਾ ਹੈ, ਇਸ ਲਈ ਚੀਨ ਵਿੱਚ ਰੁਜ਼ਗਾਰ ਦੀ ਕੋਈ ਸਮੱਸਿਆ ਨਹੀਂ ਹੈ।



ਇਸ ਮੌਕੇ 'ਤੇ ਬੋਲਦਿਆਂ ਇੰਡੀਅਨ ਓਵਰਸੀਜ਼ ਕਾਂਗਰਸ ਦੇ ਪ੍ਰਧਾਨ ਸੈਮ ਪਿਤਰੋਦਾ ਨੇ ਕਿਹਾ ਕਿ ਰਾਹੁਲ ਗਾਂਧੀ ਪੱਪੂ ਨਹੀਂ ਹਨ, ਉਹ ਪੜ੍ਹੇ-ਲਿਖੇ ਅਤੇ ਕਿਸੇ ਵੀ ਮੁੱਦੇ 'ਤੇ ਡੂੰਘੀ ਸੋਚ ਵਾਲੇ ਹਨ।

ਪ੍ਰੋਗਰਾਮ 'ਚ ਰਾਹੁਲ ਗਾਂਧੀ ਨੇ ਵਿਰੋਧੀ ਧਿਰ ਦੇ ਨੇਤਾ ਵਜੋਂ ਜ਼ਿੰਮੇਵਾਰੀ, ਭਾਰਤ ਦੀ ਆਰਥਿਕ ਸਥਿਤੀ, ਰੁਜ਼ਗਾਰ ਸਮੇਤ 6 ਮੁੱਦਿਆਂ 'ਤੇ ਆਪਣੀ ਰਾਏ ਜ਼ਾਹਰ ਕੀਤੀ।

ਇਸ ਦੌਰਾਨ ਰਾਹੁਲ ਗਾਂਧੀ ਨੇ ਕਿਹਾ ਕਿ ਮੇਰੀ ਭੂਮਿਕਾ ਸੰਸਦ ਵਿੱਚ ਸਰਕਾਰ ਵਿਰੁੱਧ ਬੋਲਣ ਅਤੇ ਉਨ੍ਹਾਂ ਨੂੰ ਤਾਨਾਸ਼ਾਹ ਬਣਨ ਤੋਂ ਰੋਕਣ ਤੱਕ ਸੀਮਤ ਨਹੀਂ ਹੈ। ਮੈਨੂੰ ਲਗਦਾ ਹੈ ਕਿ ਮੇਰੀ ਭੂਮਿਕਾ ਭਾਰਤੀ ਰਾਜਨੀਤੀ ਵਿੱਚ ਪਿਆਰ, ਸਤਿਕਾਰ ਅਤੇ ਨਿਮਰਤਾ ਲਿਆਉਣਾ ਹੈ। ਪਿਆਰ ਅਤੇ ਸਤਿਕਾਰ ਸਿਰਫ ਤਾਕਤਵਰ ਲੋਕਾਂ ਲਈ ਨਹੀਂ, ਸਗੋਂ ਉਨ੍ਹਾਂ ਸਾਰਿਆਂ ਲਈ ਹੈ ਜੋ ਦੇਸ਼ ਦੇ ਨਿਰਮਾਣ ਵਿੱਚ ਲੱਗੇ ਹੋਏ ਹਨ।

ਅਮਰੀਕਾ ਵਾਂਗ, ਭਾਰਤ ਵਿੱਚ ਵੀ ਕੋਈ ਵੀ ਰਾਜ ਦੂਜੇ ਤੋਂ ਉੱਤਮ ਨਹੀਂ ਹੈ। ਕੋਈ ਵੀ ਧਰਮ ਜਾਂ ਭਾਸ਼ਾ ਕਿਸੇ ਹੋਰ ਭਾਸ਼ਾ ਨਾਲੋਂ ਉੱਤਮ ਨਹੀਂ ਹੈ। ਲੋਕਾਂ ਦੇ ਵਿਚਾਰਾਂ ਨੂੰ ਉਨ੍ਹਾਂ ਦੀ ਜਾਤ, ਭਾਸ਼ਾ, ਧਰਮ, ਪ੍ਰੰਪਰਾ ਜਾਂ ਇਤਿਹਾਸ ਦੀ ਪ੍ਰਵਾਹ ਕੀਤੇ ਬਿਨ੍ਹਾਂ ਥਾਂ ਦਿੱਤੀ ਜਾਣੀ ਚਾਹੀਦੀ ਹੈ।

ਆਰਐੱਸਐੱਸ ਨੂੰ ਲੱਗਦਾ ਹੈ ਕਿ ਭਾਰਤ ਇੱਕ ਵਿਚਾਰ 'ਤੇ ਬਣਿਆ ਹੈ। ਅਸੀਂ ਮਹਿਸੂਸ ਕਰਦੇ ਹਾਂ ਕਿ ਭਾਰਤ ਬਹੁਤ ਸਾਰੇ ਵਿਚਾਰਾਂ ਤੋਂ ਬਣਿਆ ਹੈ। ਚੋਣਾਂ 'ਚ ਲੱਖਾਂ ਲੋਕਾਂ ਨੇ ਮਹਿਸੂਸ ਕੀਤਾ ਕਿ ਪ੍ਰਧਾਨ ਮੰਤਰੀ ਸੰਵਿਧਾਨ 'ਤੇ ਹਮਲਾ ਕਰ ਰਹੇ ਹਨ। ਇਸ ਲਈ ਜਦੋਂ ਮੈਂ ਚੋਣਾਂ ਵੇਲੇ ਸੰਵਿਧਾਨ ਆਪਣੇ ਹੱਥ ਵਿਚ ਫੜ੍ਹਿਆ ਸੀ ਤਾਂ ਲੋਕ ਸਮਝ ਗਏ ਸਨ ਕਿ ਭਾਜਪਾ ਸਾਡੀ ਪ੍ਰੰਪਰਾ, ਭਾਸ਼ਾ, ਰਾਜਾਂ ਅਤੇ ਸਾਡੇ ਇਤਿਹਾਸ 'ਤੇ ਹਮਲਾ ਕਰ ਰਹੀ ਹੈ।

ਮੈਂ ਸੰਸਦ ਵਿੱਚ ਆਪਣੇ ਪਹਿਲੇ ਭਾਸ਼ਣ ਵਿੱਚ ਅਭਯਾ ਮੁਦਰਾ ਦਾ ਜ਼ਿਕਰ ਕੀਤਾ ਸੀ। ਭਾਜਪਾ ਇਸ ਨੂੰ ਬਰਦਾਸ਼ਤ ਨਹੀਂ ਕਰ ਸਕੀ। ਉਹ ਇਸਨੂੰ ਸਮਝ ਨਹੀਂ ਸਕੇ, ਪਰ ਅਸੀਂ ਇਸਨੂੰ ਸਮਝਾਵਾਂਗੇ। ਚੋਣਾਂ ਤੋਂ ਬਾਅਦ ਲੋਕਾਂ ਦਾ ਭਾਜਪਾ ਤੋਂ ਡਰ ਖਤਮ ਹੋ ਗਿਆ।


TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਬਰਾੜ ਗਰਾਜ ਡੋਰ

ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS

We Install
Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ

Super Visa
How your spouse can join you within 4-6 months
How your parents can join you
How students & skilled people can come to Canada
How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana

Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6

Emergency Contact:
416.910.5676
www.shergilllawfirm.ca

# ਡਾ. ਓਬਰਾਏ ਦੇ ਯਤਨਾਂ ਸਦਕਾ ਅਜਨਾਲਾ ਦੇ ਨੌਜਵਾਨ ਦਾ ਮ੍ਰਿਤਕ ਸਰੀਰ 40 ਦਿਨਾਂ ਬਾਅਦ ਭਾਰਤ ਪਹੁੰਚਿਆ

ਅੰਮ੍ਰਿਤਸਰ ,9 ਸਤੰਬਰ (ਗਿਆਨ ਸਿੰਘ): ਖਾੜੀ ਮੁਲਕਾਂ ਅੰਦਰ ਰੱਬ ਦੇ ਮਸੀਹਾ ਵਜੋਂ ਜਾਣੇ ਜਾਂਦੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ.ਐਸ.ਪੀ.ਸਿੰਘ ਓਬਰਾਏ ਦੇ ਯਤਨਾਂ ਸਦਕਾ ਅੱਜ ਸਰਹੱਦੀ ਹਲਕਾ ਅਜਨਾਲਾ ਨਾਲ ਸੰਬੰਧਿਤ ਪਿੰਡ ਮੱਦੂਛਾਂਗਾ ਦੇ 29 ਸਾਲਾ ਬਿਕਰਮਜੀਤ ਸਿੰਘ ਪੁੱਤਰ ਸੁਲੱਖਣ ਸਿੰਘ ਦਾ ਮ੍ਰਿਤਕ ਸਰੀਰ ਦੁਬਈ ਤੋਂ ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਵਿਖੇ ਪਹੁੰਚਿਆ।

ਮ੍ਰਿਤਕ ਸਰੀਰ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਉਚੇਚੇ ਤੌਰ ਤੇ ਭੇਜੇ ਗਏ, ਮਾਰਕੀਟ ਕਮੇਟੀ ਅਜਨਾਲਾ ਦੇ ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ ਤੋਂ ਇਲਾਵਾ ਸਰਬੱਤ ਦਾ ਭਲਾ ਟਰੱਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਮਨਪ੍ਰੀਤ ਸਿੰਘ ਸੰਧੂ, ਪਰਮਿੰਦਰ ਸਿੰਘ ਸੰਧੂ ਅਤੇ ਪਰਿਵਾਰ ਦੇ ਮੈਂਬਰਾਂ ਨੇ ਪ੍ਰਾਪਤ ਕੀਤਾ।



ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ.ਐੱਸ.ਪੀ. ਸਿੰਘ ਓਬਰਾਏ ਨੇ ਦੱਸਿਆ ਕਿ ਬਿਕਰਮਜੀਤ ਸਿੰਘ ਵੀ ਹੋਰਨਾਂ ਨੌਜਵਾਨਾਂ ਵਾਂਗ ਕੁਝ ਸਮਾਂ ਪਹਿਲਾਂ ਹੀ ਕਰਜ਼ਾ ਚੁੱਕ ਕੇ ਆਪਣੇ ਬਿਹਤਰ ਭਵਿੱਖ ਦੇ ਸੁਪਨੇ ਲੈ ਕੇ ਦੁਬਈ ਆਇਆ ਸੀ। ਜਿਸ ਦੀ ਬੀਤੀ 1 ਅਗਸਤ ਨੂੰ ਅਚਾਨਕ ਮੌਤ ਹੋ ਗਈ ਸੀ। ਡਾ.ਓਬਰਾਏ ਨੇ ਦੱਸਿਆ ਕਿ ਇਸ ਮੰਦਭਾਗੀ ਘਟਨਾ ਸਬੰਧੀ ਉਨਾਂ ਨੂੰ ਟਰੱਸਟ ਦੀ ਅੰਮ੍ਰਿਤਸਰ ਟੀਮ ਰਾਹੀਂ ਜਾਣਕਾਰੀ ਮਿਲੀ ਸੀ। ਉਨਾਂ ਦੱਸਿਆ ਕਿ ਜਦ ਉਨਾਂ ਨੇ ਇਸ ਕੇਸ ਦੀ ਪੈਰਵਾਈ ਕੀਤੀ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਬਿਕਰਮਜੀਤ ਦੇ ਕੰਮ ਵਾਲੀ ਕੰਪਨੀ ਉਸਦੀ ਮ੍ਰਿਤਕ ਦੇਹ ਭਾਰਤ ਭੇਜਣ ਤੋਂ ਇਨਕਾਰੀ ਹੋ ਗਈ ਹੈ, ਜਿਸ ਤੇ ਉਨਾਂ ਭਾਰਤੀ ਦੂਤਾਵਾਸ ਦੀ ਮਦਦ ਨਾਲ ਸਾਰੇ ਲੋੜੀਂਦੇ ਕਾਗਜ਼ਾਤ ਮੁਕੰਮਲ ਕਰਵਾ ਕੇ ਉਸੇ ਹੀ ਕੰਪਨੀ ਦੇ ਖਰਚ 'ਤੇ ਅੱਜ ਬਿਕਰਮਜੀਤ ਦੀ ਮ੍ਰਿਤਕ ਦੇਹ ਨੂੰ ਭਾਰਤ ਉਸਦੇ ਵਾਰਸਾਂ ਤੱਕ ਪਹੁੰਚਾਇਆ ਹੈ।

ਬਿਕਰਮਜੀਤ ਸਿੰਘ ਦਾ ਮ੍ਰਿਤਕ ਸਰੀਰ ਲੈਣ ਪਹੁੰਚੇ ਉਸਦੇ ਭਰਾ ਜਗਰੂਪ ਸਿੰਘ, ਦਲਬੀਰ ਸਿੰਘ, ਸਰਬਜੋਤ ਸਿੰਘ, ਸ਼ਰਨਜੀਤ ਸਿੰਘ, ਧਰਮਿੰਦਰ ਸਿੰਘ, ਰਣਜੀਤ ਸਿੰਘ, ਸੁਖਜਿੰਦਰ ਸਿੰਘ ਆਦਿ ਨੇ ਭਾਵੁਕ ਹੁੰਦਿਆਂ ਦੱਸਿਆ ਕਿ ਬਿਕਰਮਜੀਤ ਸਿੰਘ ਦੇ ਪਿਤਾ ਦੀ ਵੀ ਮੌਤ ਹੋ ਚੁੱਕੀ ਹੈ ਤੇ ਉਸ ਦੀ ਬਜ਼ੁਰਗ ਮਾਂ ਦਾ ਰੋ-ਰੋ ਕੇ ਬਹੁਤ ਬੁਰਾ ਹਾਲ ਹੈ। ਚੇਅਰਮੈਨ ਚੇਤਨਪੁਰਾ, ਮੰਨੂ ਮੱਲੀ ਬੋਹੜਵਾਲਾ, ਕੁਲਵੰਤ ਸਿੰਘ ਬਾਬਾ ਸਮੇਤ ਬਿਕਰਮਜੀਤ ਸਿੰਘ ਦੇ ਪਰਿਵਾਰਕ ਮੈਂਬਰਾਂ ਨੇ ਡਾ.ਐੱਸ.ਪੀ.ਸਿੰਘ ਓਬਰਾਏ ਦਾ ਇਸ ਔਖੇ ਘੜੀ ਵੇਲੇ ਉਨ੍ਹਾਂ ਦੀ ਵੱਡੀ ਮਦਦ ਕਰਨ ਲਈ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਇਸ ਪਰਉਪਕਾਰ ਨੂੰ ਉਹ ਹਮੇਸ਼ਾ ਯਾਦ ਰੱਖਣਗੇ। ਇੱਥੇ ਇਹ ਵੀ ਦੱਸਣਯੋਗ ਹੈ ਕਿ ਪੰਜਾਬ ਦੇ ਸਾਬਕਾ ਮੁੱਖ ਸੰਸਦੀ ਸਕੱਤਰ ਬੋਨੀ ਅਮਰਪਾਲ ਸਿੰਘ ਅਜਨਾਲਾ ਵੱਲੋਂ ਵੀ ਟੈਲੀਫੋਨ ਰਾਹੀਂ ਡਾ.ਐਸ.ਪੀ. ਸਿੰਘ ਓਬਰਾਏ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਡਾ. ਓਬਰਾਏ ਦੇ ਯਤਨਾਂ ਸਦਕਾ ਹੁਣ ਤੱਕ 371 ਦੇ ਕਰੀਬ ਬਦਨਸੀਬ ਲੋਕਾਂ ਦੇ ਮ੍ਰਿਤਕ ਸਰੀਰ ਉਨ੍ਹਾਂ ਦੇ ਵਾਰਸਾਂ ਤੱਕ ਪਹੁੰਚਾਏ ਜਾ ਚੁੱਕੇ ਹਨ।


CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Scotiabank PRESENTS
RED 88.9FM
FREE ONE DAY FESTIVAL
SUMMER BHANGRA JAM 2024
AUG 31 CELEBRATION SQUARE, MISSISSAUGA
POWERED BY NANAK SHER
MUSICAL ACTS, BHANGRA COMPETITON, FOOD TRUCK, VENDORS, FASHION, KIDZ ZONE, & MORE



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

You can Place Your Business Here (905)793-2202
To Reach Wider Audience
For more info Call 905-793-2202 or e-mail ads@punjabipost.ca


Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976


## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

You can Place Your Business Here (905)793-2202
To Reach Wider Audience
For more info Call 905-793-2202 or e-mail ads@punjabipost.ca


Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net


## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com


STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ


## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664


ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਪਾਕਿਸਤਾਨ ਅਤੇ ਅਫਗਾਨਿਸਤਾਨ ਵਿਚਾਲੇ ਗੋਲੀਬਾਰੀ ’ਚ 8 ਤਾਲਿਬਾਨੀ ਲੜਾਕੇ ਮਰੇ



ਕਾਬੁਲ, 9 ਸਤੰਬਰ (ਪੋਸਟ ਬਿਊਰੋ): ਤਾਲਿਬਾਨ ਦੇ ਕਬਜ਼ੇ ਵਾਲੇ ਅਫਗਾਨਿਸਤਾਨ ਅਤੇ ਪਾਕਿਸਤਾਨ ਵਿਚਾਲੇ ਐਤਵਾਰ ਰਾਤ ਨੂੰ ਭਾਰੀ ਗੋਲੀਬਾਰੀ ਹੋਈ। ਪਾਕਿਸਤਾਨੀ ਵੈੱਬਸਾਈਟ ਜੀਓ ਨਿਊਜ਼ ਮੁਤਾਬਕ ਇਸ 'ਚ ਘੱਟੋ-ਘੱਟ 8 ਤਾਲਿਬਾਨੀ ਲੜਾਕੇ ਮਾਰੇ ਗਏ। ਇਸ ਦੌਰਾਨ 16 ਜ਼ਖਮੀ ਹੋਏ ਹਨ।

ਰਿਪੋਰਟ 'ਚ ਕਿਹਾ ਗਿਆ ਹੈ ਕਿ ਖੋਸਤ ਸੂਬੇ 'ਚ ਸਰਹੱਦ 'ਤੇ ਰਾਤ 9 ਵਜੇ ਦੋਨਾਂ ਪਾਸਿਆਂ ਤੋਂ ਗੋਲੀਬਾਰੀ ਸ਼ੁਰੂ ਹੋਈ, ਜੋ ਚਾਰ ਘੰਟੇ ਤੱਕ ਜਾਰੀ ਰਹੀ।

ਸੀਮਾ ਸੁਰੱਖਿਆ ਕਰਮਚਾਰੀਆਂ ਨਾਲ ਜੁੜੇ ਸੂਤਰਾਂ ਨੇ ਦੱਸਿਆ ਕਿ ਮਾਰੇ ਗਏ ਲੋਕਾਂ 'ਚ ਅਫਗਾਨ ਤਾਲਿਬਾਨ ਦੇ ਦੋ ਸੀਨੀਅਰ ਕਮਾਂਡਰ ਖਲੀਲ ਅਤੇ ਜਾਨ ਮੁਹੰਮਦ ਸ਼ਾਮਿਲ ਹਨ। ਇਸ ਝੜਪ ਵਿੱਚ ਪਾਕਿਸਤਾਨੀ ਸੈਨਿਕਾਂ ਦੇ ਮਾਰੇ ਜਾਣ ਦੀ ਕੋਈ ਜਾਣਕਾਰੀ ਨਹੀਂ ਹੈ।

ਇਸ ਤੋਂ ਪਹਿਲਾਂ ਵੀ 4 ਸਤੰਬਰ ਦੀ ਰਾਤ ਨੂੰ ਪਾਕਿਸਤਾਨ ਅਤੇ ਤਾਲਿਬਾਨ ਵਿਚਾਲੇ ਗੋਲੀਬਾਰੀ ਹੋਈ ਸੀ। ਦਰਅਸਲ, ਤਾਲਿਬਾਨ ਸਰਕਾਰ ਪਾਕਿਸਤਾਨ ਨਾਲ ਜੁੜੇ ਸਰਹੱਦੀ ਇਲਾਕਿਆਂ ਵਿੱਚ ਨਵੀਆਂ ਚੌਕੀਆਂ ਦਾ ਨਿਰਮਾਣ ਕਰ ਰਹੀ ਹੈ। ਇਹੀ ਕਾਰਨ ਹੈ ਕਿ ਹਰ ਰੋਜ਼ ਦੋਨਾਂ ਧਿਰਾਂ ਵਿਚਾਲੇ ਝੜਪਾਂ ਹੋ ਰਹੀਆਂ ਹਨ।

ਇੱਕ ਕਾਲਪਨਿਕ ਡੂਰੰਡ ਲਾਈਨ ਪਾਕਿਸਤਾਨ ਅਤੇ ਅਫਗਾਨਿਸਤਾਨ ਨੂੰ ਵੱਖ ਕਰਦੀ ਹੈ, ਪਰ ਅਫਗਾਨਿਸਤਾਨ ਇਸ ਨੂੰ ਮਾਨਤਾ ਨਹੀਂ ਦਿੰਦਾ। ਅਫਗਾਨਿਸਤਾਨ ਦਾ ਮੰਨਣਾ ਹੈ ਕਿ ਇਹ ਲਾਈਨ ਬ੍ਰਿਟਿਸ਼ ਅਫਸਰਾਂ ਦੁਆਰਾ ਜਾਣਬੁੱਝ ਕੇ ਪਸ਼ਤੋ ਭਾਈਚਾਰੇ ਨੂੰ ਵੰਡਣ ਲਈ ਖਿੱਚੀ ਗਈ ਸੀ।

# ਪਾਕਿਸਤਾਨ ’ਚ ਇਮਰਾਨ ਖਾਨ ਦੀ ਰਿਹਾਈ ਲਈ ਸੜਕਾਂ ’ਤੇ ਉਤਰੇ ਹਜ਼ਾਰਾਂ ਸਮਰਥਕ, 2 ਹਫਤਿਆਂ ਦਾ ਦਿੱਤਾ ਅਲਟੀਮੇਟਮ



ਇਸਲਾਮਾਬਾਦ, 9 ਸਤੰਬਰ (ਪੋਸਟ ਬਿਊਰੋ): ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਰਿਹਾਈ ਨੂੰ ਲੈ ਕੇ ਐਤਵਾਰ ਦੇਰ ਰਾਤ ਭਾਰੀ ਹੰਗਾਮਾ ਹੋਇਆ। ਇਮਰਾਨ ਦੀ ਪਾਰਟੀ ਪੀਟੀਆਈ ਦੇ ਹਜ਼ਾਰਾਂ ਵਰਕਰਾਂ ਦੀ ਪੁਲਿਸ ਨਾਲ ਝੜਪ ਹੋ ਗਈ। ਇਹ ਸਾਰੇ ਰਾਜਧਾਨੀ ਇਸਲਾਮਾਬਾਦ ਦੇ ਕੈਟਲ ਗਰਾਊਂਡ 'ਚ ਮੀਟਿੰਗ ਲਈ ਜਾ ਰਹੇ ਸਨ। ਪਰ ਪੁਲਿਸ ਨੇ ਐੱਨਓਸੀ ਨਾ ਹੋਣ ਦਾ ਹਵਾਲਾ ਦਿੰਦਿਆਂ ਉਨ੍ਹਾਂ ਨੂੰ ਸ਼ਹਿਰ ਦੇ ਐਂਟਰੀ ਗੇਟਾਂ ’ਤੇ ਹੀ ਰੋਕ ਲਿਆ ਸੀ।

ਇਸਲਾਮਾਬਾਦ ਨੂੰ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ। ਇਸ ਤੋਂ ਗੁੱਸੇ 'ਚ ਆਏ ਵਰਕਰਾਂ ਨੇ ਪੁਲਸ 'ਤੇ ਪਥਰਾਅ ਕੀਤਾ। ਇਸਲਾਮਾਬਾਦ ਦੇ ਏਐੱਸਪੀ ਸ਼ੋਏਬ ਖਾਨ ਸਮੇਤ ਦੋ ਦਰਜਨ ਦੇ ਕਰੀਬ ਪੁਲਿਸ ਮੁਲਾਜ਼ਮ ਗੰਭੀਰ ਜ਼ਖ਼ਮੀ ਹੋ ਗਏ। ਜਵਾਬ ਵਿੱਚ ਪੁਲਿਸ ਨੇ ਲਾਠੀਚਾਰਜ ਕੀਤਾ ਅਤੇ ਅੱਥਰੂ ਗੈਸ ਦੇ ਗੋਲੇ ਛੱਡੇ। ਇਮਰਾਨ ਸਮਰਥਕਾਂ ਨੇ ਕਈ ਥਾਵਾਂ 'ਤੇ ਬੈਰੀਕੇਡ ਉਖਾੜ ਦਿੱਤੇ।

ਇਸ ਦੌਰਾਨ ਪੁਲਿਸ ਨੇ ਭੀੜ ਨੂੰ ਖਿੰਡਾਉਣ ਲਈ ਅੱਥਰੂ ਗੈਸ ਦੀ ਵਰਤੋਂ ਕੀਤੀ। ਪਰ ਸਥਿਤੀ ਕਾਬੂ ਹੇਠ ਨਹੀਂ ਆਈ। ਇਸ ਤੋਂ ਬਾਅਦ ਪ੍ਰਸ਼ਾਸਨ ਨੇ ਦੇਰ ਸ਼ਾਮ ਇਸਲਾਮਾ-ਬਾਦ ਵਿੱਚ ਰੈਲੀ ਦੀ ਇਜਾਜ਼ਤ ਦੇ ਦਿੱਤੀ। ਰੈਲੀ 'ਚ ਸ਼ਾਹਬਾਜ਼ ਸਰਕਾਰ ਨੂੰ ਇਮਰਾਨ ਖਾਨ ਨੂੰ ਰਿਹਾਅ ਕਰਨ ਲਈ 2 ਹਫਤਿਆਂ ਦਾ ਅਲਟੀਮੇਟਮ ਦਿੱਤਾ ਗਿਆ ਹੈ।

ਖੈਬਰ ਪਖਤੂਨਖਵਾ ਦੇ ਮੁੱਖ ਮੰਤਰੀ ਅਲੀ ਅਮੀਨ ਨੇ ਕਿਹਾ ਕਿ ਜੇਕਰ ਇਮਰਾਨ ਨੂੰ 2 ਹਫਤਿਆਂ ਦੇ ਅੰਦਰ ਰਿਹਾਅ ਨਾ ਕੀਤਾ ਗਿਆ ਤਾਂ ਅਸੀਂ ਖੁਦ ਉਨ੍ਹਾਂ ਨੂੰ ਰਿਹਾਅ ਕਰਵਾ ਲੈਣਗੇ। ਉਨ੍ਹਾਂ ਨੇ ਕਿਹਾ ਕਿ ਉਹ ਇਸ ਦੀ ਅਗਵਾਈ ਕਰਨਗੇ ਅਤੇ ਪਹਿਲੀ ਗੋਲੀ ਖਾਣਗੇ।

# ਕੋਲਕਾਤਾ ਡਾਕਟਰ ਜ਼ਬਰ ਜਨਾਹ ਮਾਮਲੇ ਵਿਚ ਸੁਪਰੀਮ ਕੋਰਟ ਨੇ ਸੀਬੀਆਈ ਤੋਂ 16 ਸਤੰਬਰ ਤੱਕ ਮੰਗੀ ਨਵੀਂ ਸਟੇਟਸ ਰਿਪੋਰਟ



ਨਵੀਂ ਦਿੱਲੀ, 9 ਸਤੰਬਰ (ਪੋਸਟ ਬਿਊਰੋ): ਕੋਲਕਾਤਾ ਦੇ ਆਰਜੀ ਕਾਰ ਮੈਡੀਕਲ ਕਾਲਜ ਹਸਪਤਾਲ ਵਿੱਚ 9 ਅਗਸਤ ਨੂੰ ਹੋਏ ਇੱਕ ਟ੍ਰੇਨੀ ਡਾਕਟਰ ਦੇ ਬਲਾਤਕਾਰ-ਕਤਲ ਮਾਮਲੇ ਦੀ ਸੋਮਵਾਰ ਨੂੰ ਸੁਪਰੀਮ ਕੋਰਟ ਵਿੱਚ ਸੁਣਵਾਈ ਹੋਈ। ਚੀਫ਼ ਜਸਟਿਸ ਡੀਵਾਈ ਚੰਦਰਚੂੜ, ਜਸਟਿਸ ਜੇਬੀ ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਦੀ ਬੈਂਚ ਵਿੱਚ ਪੱਛਮੀ ਬੰਗਾਲ ਸਰਕਾਰ ਵੱਲੋਂ ਕਪਿਲ ਸਿੱਬਲ ਅਤੇ ਸੀਬੀਆਈ ਵੱਲੋਂ ਸਾਲਿਸਟਰ ਜਨਰਲ (ਐਸਜੀ) ਤੁਸ਼ਾਰ ਮਹਿਤਾ ਪੇਸ਼ ਹੋਏ।

ਸਾਲਿਸਟਰ ਜਨਰਲ (ਐਸਜੀ) ਤੁਸ਼ਾਰ ਮਹਿਤਾ ਨੇ ਕਪਿਲ ਸਿੱਬਲ ਅਤੇ ਸੀਬੀਆਈ ਦੀ ਤਰਫ਼ੋਂ ਸਟੇਟਸ ਰਿਪੋਰਟ ਪੇਸ਼ ਕੀਤੀ। ਅਦਾਲਤ ਨੇ ਸੀਬੀਆਈ ਤੋਂ 16 ਸਤੰਬਰ ਨੂੰ ਨਵੀਂ ਸਟੇਟਸ ਰਿਪੋਰਟ ਮੰਗੀ ਹੈ। ਸੁਣਵਾਈ ਦੀ ਅਗਲੀ ਤਰੀਕ 17 ਸਤੰਬਰ ਰੱਖੀ ਗਈ ਹੈ।

ਸਿੱਬਲ ਨੇ ਕਿਹਾ- ਡਾਕਟਰਾਂ ਦੇ ਕੰਮ ਨਾ ਕਰਨ ਕਾਰਨ 23 ਲੋਕਾਂ ਦੀ ਮੌਤ ਹੋਈ ਹੈ। ਸੀਜੇਆਈ ਨੇ ਮਾਮਲੇ ਦੀ ਰਿਪੋਰਟ 'ਤੇ ਸਵਾਲ ਚੁੱਕੇ ਹਨ। ਉਨ੍ਹਾਂ ਨੇ ਸਿੱਬਲ ਨੂੰ ਪੁੱਛਿਆ ਕਿ ਕੀ ਕੋਲਕਾਤਾ ਪੁਲਿਸ ਨੇ ਸਵੇਰੇ 8:30 ਵਜੇ ਤੋਂ 10:45 ਵਜੇ ਤੱਕ ਦੀ ਪੂਰੀ ਫੁਟੇਜ ਸੌਂਪੀ ਹੈ? ਉਨ੍ਹਾਂ ਨੇ ਕਿਹਾ- ਹਾਂ।

ਸੀਜੇਆਈ ਨੇ ਕਿਹਾ- ਪਰ ਸੀਬੀਆਈ ਕਹਿ ਰਹੀ ਹੈ ਕਿ ਸਿਰਫ 27 ਮਿੰਟ ਦਾ ਵੀਡੀਓ ਸ਼ੇਅਰ ਕੀਤਾ ਗਿਆ। ਇਸ 'ਤੇ ਸਿੱਬਲ ਨੇ ਕਿਹਾ- 8:30 ਤੋਂ 10:45 ਤੱਕ ਸਬੂਤ ਇਕੱਠੇ ਕੀਤੇ ਗਏ। ਉਸ ਦੀ ਵੀਡੀਓ ਦੇ ਕੁਝ ਹਿੱਸੇ ਦਿੱਤੇ ਗਏ ਹਨ। ਕੁਝ ਤਕਨੀਕੀ ਖਰਾਬੀ ਸੀ। ਹਾਰਡ ਡਿਸਕ ਭਰੀ ਹੋਈ ਸੀ ਜੋ ਪੂਰੀ ਦਿੱਤੀ ਗਈ ਹੈ।

# ਜੰਮੂ ਦੇ ਨੌਸ਼ਹਿਰਾ ’ਚ ਅਤਿਵਾਦੀਆਂ ਦੀ ਘੁਸਪੈਠ ਨਾਕਾਮ, ਫੌਜ ਨੇ 2 ਅਤਿਵਾਦੀ ਕੀਤੇ ਢੇਰ



ਸ੍ਰੀਨਗਰ, 9 ਸਤੰਬਰ (ਪੋਸਟ ਬਿਊਰੋ): ਜੰਮੂ-ਕਸ਼ਮੀਰ 'ਚ ਅਤਿਵਾਦੀਆਂ ਖਿਲਾਫ ਲਗਾਤਾਰ ਮੁਹਿੰਮ ਦੌਰਾਨ ਇੱਕ ਤਾਜ਼ੇ ਮਾਮਲੇ ਵਿਚ ਨੌਸ਼ਹਿਰਾ ਦੇ ਇਲਾਕੇ ਵਿਚ ਘੁਸਪੈਠ ਦੀ ਕੋਸ਼ਿਸ਼ ਕਰ ਰਹੇ ਦੋ ਅਤਿਵਾਦੀ ਮਾਰੇ ਗਏ ਹਨ।

ਵ੍ਹਾਈਟ ਨਾਈਟ ਕੋਰ ਨੇ ਇਹ ਜਾਣਕਾਰੀ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਦਿੱਤੀ ਹੈ। ਇਸ ਵਿਚ ਕਿਹਾ ਗਿਆ ਹੈ ਕਿ ਘੁਸਪੈਠ ਦੀ ਸੰਭਾਵਿਤ ਕੋਸ਼ਿਸ਼ ਬਾਰੇ ਖੁਫੀਆ ਏਜੰਸੀਆਂ ਅਤੇ ਜੰਮੂ-ਕਸ਼ਮੀਰ ਪੁਲਿਸ ਤੋਂ ਮਿਲੇ ਇਨਪੁਟਸ ਦੇ ਆਧਾਰ 'ਤੇ, ਨੌਸ਼ਹਿਰਾ ਦੇ ਲਾਮ ਦੇ ਆਮ ਖੇਤਰ ਵਿਚ 8 ਸਤੰਬਰ ਦੀ ਅੱਧੀ ਰਾਤ ਨੂੰ ਭਾਰਤੀ ਫੌਜ ਦੁਆਰਾ ਘੁਸਪੈਠ ਵਿਰੋਧੀ ਮੁਹਿੰਮ ਚਲਾਈ ਗਈ ਸੀ।

2 ਅਤਿਵਾਦੀ ਮਾਰੇ ਗਏ ਹਨ ਅਤੇ ਵੱਡੀ ਮਾਤਰਾ 'ਚ ਹਥਿਆਰਾਂ ਦੀ ਬਰਾਮਦੀ ਕੀਤੀ ਗਈ ਹੈ।

ਇਸ ਤੋਂ ਪਹਿਲਾਂ 2 ਸਤੰਬਰ ਨੂੰ ਵੀ ਅਤਿਵਾਦੀਆਂ ਅਤੇ ਸੁਰੱਖਿਆ ਬਲਾਂ ਵਿਚਾਲੇ ਮੁਕਾਬਲਾ ਹੋਇਆ ਸੀ। ਇਸ ਮੁਕਾਬਲੇ ਦੌਰਾਨ ਜੰਮੂ-ਕਸ਼ਮੀਰ ਦੇ ਸੁੰਜਵਾਂ ਮਿਲਟਰੀ ਸਟੇਸ਼ਨ 'ਤੇ ਅਤਿਵਾਦੀਆਂ ਨੇ ਗੋਲੀਬਾਰੀ ਕੀਤੀ। ਇਸ ਮੁਕਾਬਲੇ ਵਿੱਚ ਫੌਜ ਦਾ ਇੱਕ ਜਵਾਨ ਸ਼ਹੀਦ ਹੋ ਗਿਆ ਸੀ।

# ਕੈਂਪ ਦੌਰਾਨ ਲੜਕੀਆਂ ਨੂੰ ਕੰਮ ਵਾਲੀ ਥਾਂ ’ਤੇ ਔਰਤਾਂ ਦਾ ਜਿਨਸੀ ਸ਼ੋਸ਼ਣ ਐਕਟ, 2013 ਸਬੰਧੀ ਦਿੱਤੀ ਗਈ ਜਾਣਕਾਰੀ



ਸ੍ਰੀ ਮੁਕਤਸਰ ਸਾਹਿਬ, 9 ਸਤੰਬਰ (ਗਿਆਨ ਸਿੰਘ): ਰਾਜ ਕੁਮਾਰ, ਜ਼ਿਲਾ ਅਤੇ ਸ਼ੈਸਨਜ਼ ਜੱਜ ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਹੇਠ ਗੁਰੂ ਨਾਨਕ ਕਾਲਜ, ਸ੍ਰੀ ਮੁਕਤਸਰ ਸਾਹਿਬ ਦੇ ਸਟਾਫ ਅਤੇ ਲੜਕੀਆਂ ਨੂੰ ਕੰਮ ਵਾਲੀ ਥਾਂ ’ਤੇ ਔਰਤਾਂ ਦਾ ਜਿਨਸੀ ਸ਼ੋਸ਼ਣ ਐਕਟ, 2013 ਸਬੰਧੀ ਜਾਣਕਾਰੀ ਦੇਣ ਲਈ ਇਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਸੈਮੀਨਾਰ ਵਿਚ ਡਾ. ਗਗਨਦੀਪ ਕੌਰ, ਸੀ.ਜੀ.ਐਮ/ਸਕੱਤਰ ਨੇ ਬਚਿੱਆਂ ਨੂੰ ਕੰਮ ਵਾਲੀ ਥਾਂ ਤੇ ਔਰਤਾਂ ਦਾ ਜਿਨਸੀ ਸੋਸ਼ਣ ਐਕਟ 2013 ਸਬੰਧੀ ਵੱਖ-ਵੱਖ ਕਾਨੂੰਨਾਂ ਬਾਰੇ ਜਾਣਕਾਰੀ ਦਿੱਤੀ ਗਈ।

ਉਹਨਾਂ ਨੇ ਦਸਿਆ ਕਿ ਜਿਵੇਂ ਬੰਗਾਲ ਵਿਚ ਡਾਕਟਰ ਨਾਲ ਘਨੋਣੀ ਹਰਕਤ ਕਰਕੇ ਉਸਦੀ ਹੱਤਿਆ ਕੀਤੀ ਗਈ, ਉਸ ਹਰਕਤ ਨਾਲ ਸਾਰਾ ਦੇਸ਼ ਸ਼ਰਮ-ਸ਼ਾਰ ਹੋ ਗਿਆ ਕਿਉਂਕਿ ਜਦੋਂ ਡਾਕਟਰ ਹੀ ਸੁਰੱਖਿਤ ਨਹੀਂ ਹਨ, ਉਹ ਆਮ ਲੋਕਾਂ ਦਾ ਇਲਾਜ ਕੀ ਕਰ ਸਕਣਗੇ।

ਇਸ ਸਬੰਧੀ ਪੰਜਾਬ ਦੇ ਡਾਕਟਰਾਂ ਵਲੋਂ ਵੀ ਪੰਜਾਬ ਸਰਕਾਰ ਨੂੰ ਅਲਟੀਮੈਟਮ ਦਿੱਤਾ ਗਿਆ ਹੈ ਕਿ ਜੇਕਰ ਸਾਡੀ ਸੁਰੱਖਿਆ ਯਕੀਨੀ ਨਾ ਬਣਾਈ ਗਈ ਤਾਂ ਅਸੀਂ ਡਾਕਟਰ ਪੇਸ਼ੇ ਵਜੋਂ ਕੰਮ ਨਹੀਂ ਕਰਾਂਗਾ। ਇਸ ਲਈ ਮੇਰੀ ਆਪ ਸਭਨਾਂ ਨੂੰ ਅਪੀਲ ਹੈ ਜੇਕਰ ਉਹਨਾਂ ਨਾਲ ਕਿਸੇ ਕਿਸਮ ਦੀ ਕੋਈ ਗਲਤ ਹਰਕਤ ਕਰਦਾ ਹੈ ਤਾਂ ਉਸ ਸਬੰਧੀ ਕਾਲਜ ਦੇ ਪ੍ਰਿੰਸੀਪਲ ਜਾਂ ਜਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਨੂੰ ਦਰਖਾਸਤ ਦੇ ਸਕਦਾ ਹੈ।

ਇਸ ਤੋਂ ਇਲਾਵਾ ਔਰਤਾਂ ਲਈ ਬਣੇ ਟੋਲ-ਫ੍ਰੀ ਨੰਬਰ 1098 ਅਤੇ 15100 ਤੇ ਵੀ ਕਾਲ ਕੀਤੀ ਜਾ ਸਕਦੀ ਹੈ। ਕਾਲਜ ਦੇ ਵਿਦਿਆਰਥਣਾਂ ਵਲੋਂ ਮਾਨਯੋਗ ਜੱਜ ਸਾਹਿਬ ਨੂੰ ਦਸਿਆ ਕਿ ਉਹਨਾਂ ਨੂੰ ਬੱਸਾਂ ਵਿਚ ਅਤੇ ਰਸਤੇ ਵਿਚ ਲੜਕਿਆਂ ਵਲੋਂ ਪ੍ਰੇਸ਼ਾਨ ਕੀਤਾ ਜਾਂਦਾ ਹੈ ਤਾਂ ਉਸ ਸਬੰਧੀ ਉਹ ਜਦੋਂ ਵੀ ਪੁਲਿਸ ਥਾਣੇ ਵਿਚ ਸ਼ਿਕਾਇਤ ਦਰਜ ਕਰਵਾਉਂਦੇ ਹਨ ਤਾਂ ਉਹਨਾਂ ਦੀ ਸੁਣਵਾਈ ਨਹੀਂ ਹੁੰਦੀ। ਇਸ ਸਬੰਧੀ ਮਾਨਯੋਗ ਜੱਜ ਸਾਹਿਬ ਨੇ ਦਸਿਆ ਕਿ ਜੇਕਰ ਆਪ ਨਾਲ ਕਿਸੇ ਕਿਸਮ ਦੀ ਕੋਈ ਛੇੜ-ਛਾੜ ਹੁੰਦੀ ਹੈ ਤਾਂ ਉਸ ਸਬੰਧੀ ਜਿਲ੍ਹਾਂ ਕਾਨੂੰਨੀ ਸੇਵਾਵਾਂ ਦੀ ਸਹਾਇਤਾ ਲਈ ਜਾ ਸਕਦੀ ਹੈ। ਉਹਨਾਂ ਨੇ ਕਾਲਜ ਨੂੰ ਕਮੇਟੀ ਬਣਾਉਣ ਲਈ ਕਿਹਾ ਗਿਆ, ਜਿਸ ਵਿਚ ਕਾਲਜ ਦੇ ਸੀਨੀਅਰ ਅਧਿਆਪਕ ਨੂੰ ਚੈਅਰਮੇਨ ਅਤੇ ਇੱਕ ਮੈਂਬਰ ਅਤੇ ਇੱਕ ਸ਼ੋਸ਼ਲ ਵਰਕਰ ਹੋਣਾ ਚਾਹੀਦਾ ਹੈ ਜੋ ਕਿ ਕਾਲਜ ਵਿਚ ਕਿਸੇ ਵਿਦਿਆਰਥਣ ਨਾਲ ਕੋਈ ਵੀ ਲੜਕਾ ਗਲਤ ਹਰਕਤ ਕਰਦਾ ਹੈ ਤਾਂ ਉਸ ਸਬੰਧੀ ਉਹ ਸ਼ਿਕਾਇਤ ਦਰਜ ਕਰਵਾ ਸਕੇ।

ਇਸ ਕਮੇਟੀ ਸਬੰਧੀ ਕਾਲਜ ਦੇ ਬਾਹਰ ਬੋਰਡ ਲਗਾਉਣਾ ਜਰੂਰੀ ਹੈ ਉਸ ਉਪਰ ਟੈਲੀਫੋਨ ਨੰਬਰ ਵੀ ਲਿਖੇ ਹੋਣੇ ਜਰੂਰੀ ਹਨ। ਇਸ ਮੌਕੇ ਨਸ਼ੇ ਦੇ ਬੁਰੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਹਨਾਂ ਦੱਸਿਆ ਕਿ 14 ਸਤੰਬਰ 2024 ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜੇਕਰ ਕਿਸੇ ਧਿਰ ਨੇ ਆਪਣੇ ਝਗੜੇ ਦਾ ਨਿਪਟਾਰਾ ਕਰਵਾਉਣਾ ਚਾਹੁੰਦਾ ਹੈ ਸਬੰਧਤ ਅਦਾਲਤ ਅਤੇ ਜ਼ਿਲ੍ਹਾਂ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਦਸਿਆ ਜਾਵੇ। ਹੋਰ ਵਧੇਰੇ ਜਾਣਕਾਰੀ ਲੈਣ ਲਈ 15100 ਟੋਲ ਫ੍ਰੀ ਤੇ ਵੀ ਗੱਲਬਾਤ ਕੀਤੀ ਜਾ ਸਕਦੀ ਹੈ।

# ਆਪ੍ਰੇਸ਼ਨ ਸੀਲ-8: ਗੁਆਂਢੀ ਰਾਜਾਂ ’ਚ ਹੋਣ ਵਾਲੀਆਂ ਵਿਧਾਨ ਸਭਾ ਮੱਦੇਨਜ਼ਰ ਪਹਿਲਾਂ, ਪੰਜਾਬ ਪੁਲਿਸ ਨੇ ਨਸ਼ਾ ਤਸਕਰਾਂ ਅਤੇ ਸ਼ਰਾਬ ਤਸਕਰਾਂ ਵਿਰੁੱਧ ਸ਼ਿਕੰਜਾ ਕੱਸਿਆ

## ਪੰਜਾਬ ਪੁਲਿਸ ਨੇ 10 ਸਰਹੱਦੀ ਜ਼ਿਲ੍ਹਿਆਂ ਦੀਆਂ 92 ਆਉਣ/ਜਾਣ ਵਾਲੀਆਂ ਥਾਵਾਂ ਕੀਤੀਆਂ ਸੀਲ , ਸਰਹੱਦੀ ਰਾਜ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ 4245 ਵਾਹਨਾਂ ਦੀ ਚੈਕਿੰਗ ਕੀਤੀ

ਚੰਡੀਗੜ੍ਹ, 9 ਸਤੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਵੱਲੋਂ ਸੋਮਵਾਰ ਨੂੰ ਇੱਕ ਵਿਸ਼ੇਸ਼ ਆਪ੍ਰੇਸ਼ਨ ‘ਆਪ੍ਰੇਸ਼ਨ ਸੀਲ-8’ ਚਲਾਇਆ ਗਿਆ। ਇਸ ਆਪ੍ਰੇਸ਼ਨ ਦਾ ਉਦੇਸ਼ ਸਰਹੱਦੀ ਸੂਬੇ ਪੰਜਾਬ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਸਾਰੇ ਵਾਹਨਾਂ ਦੀ ਚੈਕਿੰਗ ਕਰਕੇ ਨਸ਼ਾ ਤਸਕਰੀ ਅਤੇ ਸ਼ਰਾਬ ਤਸਕਰੀ ’ਤੇ ਨਕੇਲ ਕੱਸਣ ਤੋਂ ਇਲਾਵਾ ਹਰਿਆਣਾ ਅਤੇ ਜੰਮੂ-ਕਸ਼ਮੀਰ ਦੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਦੀ ਹਰਕਤ ’ਤੇ ਬਾਜ਼ ਅੱਖ ਰੱਖਣਾਂ ਵੀ ਸੀ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸਵੇਰੇ 6 ਵਜੇ ਤੋਂ ਦੁਪਹਿਰ 2 ਵਜੇ ਤੱਕ ਸਮਕਾਲੀ ਤਰੀਕੇ ਨਾਲ ਚਲਾਇਆ ਗਿਆ।

ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ ਕਿ ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਸੀਨੀਅਰ ਪੁਲਿਸ ਸੁਪਰਡੰਟਾਂ (ਐਸਐਸਪੀਜ਼) ਨੂੰ ‘ਆਪ੍ਰੇਸ਼ਨ ਸੀਲ-8’ ਦੇ ਹਿੱਸੇ ਵਜੋਂ ਪ੍ਰਭਾਵਸ਼ਾਲੀ ਨਕਾਬੰਦੀ ਨੂੰ ਯਕੀਨੀ ਬਣਾਉਣ ਲਈ ਸਰਹੱਦੀ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ (ਯੂਟੀ) ਦੇ ਆਪਣੇ ਹਮਰੁਤਬਾ ਨਾਲ ਤਾਲਮੇਲ ਕਰਨ ਲਈ ਕਿਹਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਐਸਐਸਪੀਜ਼ ਨੂੰ ਸਬੰਧਤ ਜ਼ਿਲ੍ਹਿਆਂ ਦੀਆਂ ਰਣਨੀਤਕ ਥਾਵਾਂ ’ਤੇ ਸਾਂਝੇ ਨਾਕਾ ਆਪ੍ਰੇਸ਼ਨ ਚਲਾਉਣ ਅਤੇ ਗਜ਼ਟਿਡ ਅਧਿਕਾਰੀਆਂ/ਐਸਐਚਓਜ਼ ਦੀ ਨਿਗਰਾਨੀ ਹੇਠ ਸੀਲਿੰਗ ਪੁਆਇੰਟਾਂ ’ਤੇ ਮਜ਼ਬੂਤ ’ਨਾਕੇ’ ਲਗਾਉਣ ਲਈ ਵੱਧ ਤੋਂ ਵੱਧ ਪੁਲਿਸ ਨਫ਼ਰੀ ਜੁਟਾਉਣ ਦੇ ਨਿਰਦੇਸ਼ ਦਿੱਤੇ ਗਏ ਸਨ।



ਉਨ੍ਹਾਂ ਦੱਸਿਆ ਕਿ 10 ਜ਼ਿਲ੍ਹਿਆਂ ਦੇ ਲਗਭਗ 92 ਐਂਟਰੀ/ਐਗਜ਼ਿਟ ਪੁਆਇੰਟਾਂ, ਜੋ ਕਿ ਚਾਰ ਸਰਹੱਦੀ ਰਾਜਾਂ ਅਤੇ ਯੂਟੀ ਚੰਡੀਗੜ੍ਹ ਨਾਲ ਸਰਹੱਦਾਂ ਸਾਂਝੀਆਂ ਕਰਦੇ ਹਨ, ਵਿਖੇ ਇੰਸਪੈਕਟਰਾਂ/ਡੀਐਸਪੀਜ਼ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਕਰਮੀਆਂ ਦੀ ਨਫ਼ਰੀ ਵਿੱਚ ਸੁਚੱਜੇ ਤਾਲਮੇਲ ਵਾਲੇ ਮਜ਼ਬੂਤ ਨਾਕੇ ਸਥਾਪਤ ਕੀਤੇ ਗਏ । 10 ਅੰਤਰਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੋਪੜ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਇਸ ਅਪ੍ਰੇਸ਼ਨ ਦੌਰਾਨ ਸ਼ੱਕੀ ਵਾਹਨਾਂ/ਵਿਅਕਤੀਆਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ ਅਤੇ ਆਮ ਲੋਕਾਂ ਲਈ ਘੱਟ ਤੋਂ ਘੱਟ ਅਸੁਵਿਧਾ ਨੂੰ ਯਕੀਨੀ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਵਾਹਨਾਂ ਦੀ ਜਾਂਚ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ‘ਵਾਹਨ’ ਮੋਬਾਈਲ ਐਪ ਦੀ ਵਰਤੋਂ ਕਰਕੇ ਵਾਹਨਾਂ ਦੇ ਰਜਿਸਟਰੇਸ਼ਨ ਨੰਬਰਾਂ ਦੀ ਵੀ ਪੁਸ਼ਟੀ ਕੀਤੀ ।

ਉਨ੍ਹਾਂ ਅੱਗੇ ਦੱਸਿਆ ਕਿ ਸਾਰੇ ਪੁਲਿਸ ਮੁਲਾਜ਼ਮਾਂ ਨੂੰ ਇਸ ਅਪਰੇਸ਼ਨ ਦੌਰਾਨ ਆਉਣ ਜਾਣ ਵਾਲੇ ਸਾਰੇ ਵਿਅਕਤੀਆਂ ਨਾਲ, ਉਨ੍ਹਾਂ ਦੇ ਵਾਹਨਾਂ ਦੀ ਚੈਕਿੰਗ ਕਰਦੇ ਸਮੇਂ, ਨਿਮਰਤਾ ਨਾਲ ਪੇਸ਼ ਆਉਣ ਸਖ਼ਤ ਹਦਾਇਤ ਕੀਤੀ ਗਈ ਸੀ।

ਵਿਸ਼ੇਸ਼ ਡੀਜੀਪੀ ਨੇ ਦੱਸਿਆ ਕਿ ਸੂਬੇ ਵਿੱਚ ਆਉਣ/ ਜਾਣ ਵਾਲੇ 4245 ਵਾਹਨਾਂ ਦੀ ਚੈਕਿੰਗ ਕੀਤੀ ਗਈ, ਜਿਨ੍ਹਾਂ ਵਿੱਚੋਂ 293 ਦੇ ਚਲਾਨ ਕੀਤੇ ਗਏ ਅਤੇ 16 ਨੂੰ ਜ਼ਬਤ ਕੀਤਾ ਗਿਆ। ਪੁਲਿਸ ਨੇ 27 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ 26 ਐਫਆਈਆਰਜ਼ ਵੀ ਦਰਜ ਕੀਤੀਆਂ ਹਨ। ਇਸ ਦੇ ਨਾਲ ਹੀ ਪੁਲਿਸ ਟੀਮਾਂ ਨੇ 401 ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਹੈ।

ਇਸ ਅਪਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 1.1 ਕਿਲੋ ਅਫੀਮ, 29 ਕਿਲੋ ਭੁੱਕੀ, 42 ਕਿਲੋ ਨਸ਼ੀਲਾ ਪਾਊਡਰ, 1070 ਨਸ਼ੀਲੇ ਕੈਪਸੂਲ/ਗੋਲੀਆਂ ਅਤੇ ਭਾਰੀ ਮਾਤਰਾ ਵਿੱਚ ਜਾਇਜ਼ ਅਤੇ ਨਜਾਇਜ਼ ਸ਼ਰਾਬ ਵੀ ਬਰਾਮਦ ਕੀਤੀ ਹੈ।

ਦੱਸਣਯੋਗ ਹੈ ਕਿ ਅਜਿਹੇ ਆਪਰੇਸ਼ਨ ਖੇਤਰੀ ਪੱਧਰ ‘ਤੇ ਪੁਲਿਸ ਦੀ ਮੌਜੂਦਗੀ ਨੂੰ ਦਰਸਾਉਣ ਤੋਂ ਇਲਾਵਾ, ਸਮਾਜ ਵਿਰੋਧੀ ਅਨਸਰਾਂ ਵਿੱਚ ਡਰ ਪੈਦਾ ਕਰਨ ਅਤੇ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਵਿੱਚ ਮਦਦ ਕਰਦੇ ਹਨ।

# ਡਿਪਟੀ ਕਮਿਸ਼ਨਰ ਵੱਲੋਂ ਬਾਬਾ ਫਰੀਦ ਸਾਹਿਤ ਮੇਲੇ ਦਾ ਕਲੰਡਰ ਜਾਰੀ

**-19 ਤੋਂ 23 ਸਤੰਬਰ ਤੱਕ ਪੰਜਾਬੀ ਸਾਹਿਤ ਦੀਆਂ ਵੱਖ-ਵੱਖ ਵੰਨਗੀਆਂ ਸਰੋਤਿਆਂ ਦੇ ਰੂਬਰੂ ਹੋਣਗੀਆਂ**

ਫਰੀਦਕੋਟ, 9 ਸੰਤਬਰ (ਗਿਆਨ ਸਿੰਘ): ਬਾਬਾ ਸ਼ੇਖ ਫਰੀਦ ਆਗਮਨ ਪੁਰਬ-2024 ਦੌਰਾਨ ਭਾਸ਼ਾ ਵਿਭਾਗ ਪੰਜਾਬ ਅਤੇ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ (ਰਜਿ.) ਫਰੀਦਕੋਟ ਵੱਲੋਂ ਕਰਵਾਏ ਜਾਣ ਵਾਲੇ ਬਾਬਾ ਫਰੀਦ ਸਾਹਿਤ ਮੇਲੇ ਦਾ ਕਲੰਡਰ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ, ਐਸ.ਡੀ.ਐਮ. ਕੋਟਕਪੂਰਾ ਵੀਰਪਾਲ ਕੌਰ, ਜਿਲ੍ਹਾ ਭਾਸ਼ਾ ਅਫਸਰ ਮਨਜੀਤ ਪੁਰੀ, ਜ਼ਿਲ੍ਹਾ ਲੋਕ ਸੰਪਰਕ ਅਫਸਰ ਅਮਰੀਕ ਸਿੰਘ ਅਤੇ ਅਮਨਪ੍ਰੀਤ ਸਿੰਘ ਭਾਣਾ ਪ੍ਰਧਾਨ ਆਲਮੀ ਪੰਜਾਬੀ ਅਦਬ ਫਾਊਂਡੇਸ਼ਨ (ਰਜਿ.) ਫਰੀਦਕੋਟ ਵੱਲੋਂ ਸਾਂਝੇ ਤੌਰ ਤੇ ਜਾਰੀ ਕੀਤਾ ਗਿਆ। ਇਹ ਮੇਲਾ ਪੰਜਾਬੀ ਸਾਹਿਤ ਜਗਤ ਦੀ ਨਾਮਵਰ ਹਸਤੀ ਸਵ. ਸੁਰਜੀਤ ਪਾਤਰ ਜੀ ਨੂੰ ਸਮਰਪਿਤ ਹੋਵੇਗਾ। ਮਿਤੀ 19 ਤੋਂ 23 ਸਤੰਬਰ ਤੱਕ ਪੰਜ ਦਿਨ ਚੱਲਣ ਵਾਲੇ ਇਸ ਮੇਲੇ ਵਿੱਚ ਪੰਜਾਬੀ ਸਾਹਿਤ ਦੀਆਂ ਵੱਖ ਵੱਖ ਵੰਨਗੀਆਂ ਸਰੋਤਿਆਂ ਦੇ ਰੂਬਰੂ ਹੋਣਗੀਆਂ ਅਤੇ ਪੰਜ ਦਿਨ ਚੱਲਣ ਵਾਲੇ ਪੁਸਤਕ ਮੇਲੇ ਵਿੱਚ ਲਗਭਗ 100 ਦੇ ਕਰੀਬ ਪ੍ਰਕਾਸ਼ਕ ਹਿੱਸਾ ਲੈਣਗੇ।

ਇਸ ਮੇਲੇ ਵਿੱਚ ਮਿਤੀ 19 ਤੋਂ 23 ਸਤੰਬਰ ਤੱਕ ਕਰਵਾਏ ਜਾ ਰਹੇ ਪੰਜ ਰੋਜ਼ਾ ਪੁਸਤਕ ਮੇਲੇ ਦਾ ਉਦਘਾਟਨ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ ਕਰਨਗੇ ਅਤੇ ਜਸਵੰਤ ਸਿੰਘ ਜ਼ਫ਼ਰ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਇਸ ਪੰਜ ਰੋਜ਼ਾ ਸਾਹਿਤ ਮੇਲੇ ਵਿੱਚ ਪੰਜਾਬੀ ਸਾਹਿਤ ਦੀਆਂ ਨਾਮਵਰ ਹਸਤੀਆਂ ਸਰੋਤਿਆਂ ਦੇ ਰੂਬਰੂ ਹੋਣਗੀਆਂ, ਜਿਨਾ ਵਿੱਚ ਪੰਜਾਬੀ ਰੰਗ-ਮੰਚ ਅਤੇ ਫਿਲਮਾਂ ਦੇ ਨਾਮਵਰ ਹਸਤਾਖਰ ਪ੍ਰਿੰਸ ਕੰਵਲਜੀਤ ਸਿੰਘ, ਪੰਜਾਬੀ ਦੇ ਉੱਘੇ ਚਿੰਤਕ ਤੇ ਕਵੀ ਡਾ. ਮਨਮੋਹਨ, ਪੰਜਾਬੀ ਸਿਨੇਮੇ ਦੇ ਉੱਘੇ ਸਕ੍ਰਿਪਟ ਰਾਇਟਰ ਅਤੇ ਨਿਰਦੇਸ਼ਕ ਜਤਿੰਦਰ ਮੌਹਰ, ਪੱਤਰਕਾਰੀ ਖੇਤਰ ਤੋਂ ਯਾਦਵਿੰਦਰ ਕਰਫ਼ਿਊ, ਸਾਹਿਤ ਅਕਾਦਮੀ ਪੁਰਸਕਾਰ ਵਿਜੇਤਾ ਕਵੀ ਸਵਰਨਜੀਤ ਸਵੀ ਅਤੇ ਪੰਜਾਬੀ ਦੇ ਉੱਘੇ ਚਿੰਤਕ ਅਮਰਜੀਤ ਸਿੰਘ ਗਰੇਵਾਲ ਦਾ ਨਾਮ ਵਿਸ਼ੇਸ਼ ਤੌਰ ਤੇ ਵਰਨਣਯੋਗ ਹੈ।

ਮਿਤੀ 22 ਸਤੰਬਰ ਨੂੰ ਹੋਣ ਵਾਲੇ ਕਵੀ ਦਰਬਾਰ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਦਰਜਨ ਦੇ ਕਰੀਬ ਕਵੀ ਹਿੱਸਾ ਲੈਣਗੇ, ਜਿਨਾ ਵਿੱਚ ਸਤਪਾਲ ਭੀਖੀ, ਸੁਸ਼ੀਲ ਦੁਸਾਂਝ, ਸ਼ਮਸ਼ੇਰ ਮੋਹੀ, ਹਰਮੀਤ ਵਿਦਿਆਰਥੀ ਗੁਰਸੇਵਕ ਲੰਬੀ, ਜਗਵਿੰਦਰ ਜੋਧਾ, ਦਰਸ਼ਨ ਬੁੱਟਰ, ਬਲਵਿੰਦਰ ਸੰਧੂ, ਮਨਦੀਪ ਔਲਖ, ਰੇਨੂੰ ਨਈਅਰ, ਰਿਸ਼ੀ ਹਿਰਦੇਪਾਲ, ਵਾਹਿਦ, ਵਿਜੇ ਵਿਵੇਕ ਦੇ ਨਾਮ ਸ਼ਾਮਿਲ ਹਨ। ਇਸ ਕਵੀ ਦਰਬਾਰ ਵਿੱਚ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ।



ਮਿਤੀ 19 ਅਤੇ 20 ਸਤੰਬਰ ਨੂੰ ਕਰਵਾਏ ਜਾਣ ਵਾਲੇ ਨਾਟਕਾਂ ਵਿੱਚ ਸਿਰਜਨਾ ਆਰਟ ਗਰੁੱਪ ਰਾਏਕੋਟ ਵੱਲੋਂ ਨਾਟਕ ਭਾਸ਼ਾ ਵਹਿੰਦਾ ਦਰਿਆ, ਸਾਰਥਕ ਰੰਗ-ਮੰਚ ਪਟਿਆਲਾ ਵੱਲੋ ਕਰ ਲਓ ਘਿਓ ਨੂੰ ਭਾਂਡਾ, ਨਾਦ ਰੰਗਮੰਚ ਪਟਿਆਲਾ ਵੱਲੋਂ ਮਿਰਜ਼ਾ ਅਤੇ ਗੁਰਚੇਤ ਚਿੱਤਰਕਾਰ ਵੱਲੋਂ ਨਾਟਕ ਟੈਨਸ਼ਨ ਫਰੀ ਪੇਸ਼ ਕੀਤੇ ਜਾਣਗੇ।



# ਡਿਪਟੀ ਕਮਿਸ਼ਨਰ ਨੇ ਅਧਿਆਪਕਾਂ ਨੂੰ ਆਪਣੀ ਜ਼ਿੰਮੇਵਾਰੀ ਨੂੰ ਦਿਲੋਂ ਅਤੇ ਤਨਦੇਹੀ ਨਾਲ ਨਿਭਾਉਣ ਦਾ ਦਿੱਤਾ ਸੁਨੇਹਾ



ਸ੍ਰੀ ਮੁਕਤਸਰ ਸਾਹਿਬ, 9 ਸਤੰਬਰ (ਪੋਸਟ ਬਿਊਰੋ): ਦਸਮੇਸ਼ ਗਰਲਜ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਬਾਦਲ ਵਿਖੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਰਾਜੇਸ਼ ਤ੍ਰਿਪਾਠੀ, ਆਈ.ਏ.ਐੱਸ ਵੱਲੋਂ ਅੱਜ ਸਕੂਲ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਸਕੂਲ ਦੇ ਪ੍ਰਿੰਸੀਪਲ ਤੇ ਪ੍ਰਸ਼ਾਸਕੀ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸਕੂਲ ਵਿੱਚ ਚਲ ਰਹੇ ਕੰਮਾਂ ਬਾਰੇ ਜਾਣਕਾਰੀ ਹਾਸਲ ਕਰਕੇ ਭਵਿੱਖੀ ਵਿਕਾਸ ਦੀਆਂ ਯੋਜਨਾਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ।

ਉਨ੍ਹਾਂ ਸਕੂਲ ਦੇ ਸਮੂਹ ਸਟਾਫ਼ ਨਾਲ ਦੇਸ਼ ਦੇ ਭਵਿੱਖ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਹੱਤਵਪੂਰਨ ਨੁਕਤੇ ਸਾਂਝੇ ਕੀਤੇ। ਇਸ ਦੇ ਨਾਲ ਹੀ ਉਨ੍ਹਾਂ ਨੇ ਅਧਿਆਪਕਾਂ ਨੂੰ ਆਪਣੀਆਂ ਜ਼ੰਮਿਵਾਰੀਆਂ ਨੂੰ ਦਿਲੋਂ ਤੇ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

ਉਹਨਾਂ ਵਿਦਿਆਰਥੀਆਂ ਵੱਲੋਂ ਬਣਾਏ ਗਏ ਵਿਗਿਆਨ ਵਿਸ਼ੇ ਨਾਲ ਸਬੰਧਤ ਮਾਡਲਾਂ ਵਿੱਚ ਡੂੰਘੀ ਦਿਲਚਸਪੀ ਜ਼ਾਹਰ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਕਿਸੇ ਇਕ ਵਿਸ਼ੇ ਜਿਨ੍ਹਾਂ ਵਿੱਚ ਉਹ ਰੁਚੀ ਰੱਖਦੇ ਹੋਣ ਜਾਂ ਉਸ ਵਿਸ਼ੇ ਨਾਲ ਸਬੰਧਤ ਖਾਸ ਮੁਹਾਰਤ ਹੋਵੇ ਜਿਵੇਂ ਕਿ ਵਿ-ਗਆਨ ਵਿਸ਼ੇ ਨਾਲ ਜਾਂ ਖੇਡਾਂ ਨਾਲ ਜਾਂ ਕੋਈ ਹੋਰ ਮਨਪਸੰਧਦ ਵਿਸ਼ੇ ਵਿੱਚ ਖਾਸ ਤੌਰ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ।
ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਖੇਡਾਂ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ, ਜਿਵੇਂ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਣ ਲਈ 'ਖੇਡਾਂ ਵਤਨ ਪੰਜਾਬ ਦੀਆਂ' ਕਰਵਾਈਆਂ ਜਾ ਰਹੀਆਂ ਹਨ, ਵਿਦਿਆਰਥੀਆਂ ਵੱਲੋਂ ਵੀ ਇਨ੍ਹਾਂ ਖੇਡਾਂ ਵਿੱਚ ਭਾਗ ਲੈ ਕੇ ਤੰਦਰੁਸਤ ਰਿਹਾ ਜਾ ਸਕਦਾ ਹੈ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਰਿਤੂ ਨੰਦਾ ਨੇ ਸਕੂਲ ਦੇ ਸਟਾਫ਼ ਅਤੇ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਨੁਕਤਿਆਂ ਬਾਰੇ ਡਿਪਟੀ ਕਮਿਸ਼ਨਰ ਦਾ ਧੰਨਵਾਦ ਕੀਤਾ।

# ਲਿਖਾਰੀ ਸਭਾ ਮੋਗਾ ਦੀ ਮੀਟਿੰਗ ਵਿਚ ਆਓ ਕਵਿਤਾ ਲਿਖੀਏ ਅਤੇ ਸੁਰਖ਼ਾਬ ਪੁਸਤਕਾਂ ਲੋਕ ਅਰਪਣ

ਮੋਗਾ, 9 ਸਤੰਬਰ (ਗਿਆਨ ਸਿੰਘ): ਲਿਖਾਰੀ ਸਭਾ ਮੋਗਾ ਦੀ ਵਿਸ਼ੇਸ਼ ਇਕੱਤਰਤਾ ਪ੍ਰੋ. ਸੁਰਜੀਤ ਸਿੰਘ ਕਾਉਂਕੇ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ। ਜਨਰਲ ਸਕੱਤਰ ਪਰਮਜੀਤ ਸਿੰਘ ਚੂਹੜਚੱਕ ਅਤੇ ਸਹਾਇਕ ਸਕੱਤਰ ਮੀਤ ਗੁਰਮੀਤ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਕੱਤਰਤਾ ਦੌਰਾਨ ਜੋਧ ਸਿੰਘ ਮੋਗਾ ਦੀ ਪੁਸਤਕ " ਆਓ ਕਵਿਤਾ ਲਿਖੀਏ " ਅਤੇ ਭੁਪਿੰਦਰ ਸਿੰਘ ਜੋਗੇਵਾਲਾ ਦੀ ਪਲੇਠੀ ਕਾਵਿ ਪੁਸਤਕ " ਸੁਰਖ਼ਾਬ " ਲੋਕ ਅਰਪਣ ਕੀਤੀਆਂ ਗਈਆਂ"। ਇਸ ਸਮੈ ਪ੍ਰੋਫੈਸਰ ਕਾਉਂਕੇ ਨੇ ਬੋਲਦਿਆਂ ਕਿਹਾ ਕਿ ਜੋਧ ਸਿੰਘ ਮੋਗਾ ਕੋਲ ਅਧਿਆਪਨ ਅਤੇ ਜ਼ਿੰਦਗੀ ਦਾ ਵਿਸ਼ਾਲ ਤਜਰਬਾ ਹੈ ਜਿਸਨੂੰ ਉਹਨਾਂ ਨੇ ਬੱਚਿਆਂ ਦੀ ਮਾਨਸਿਕਤਾ ਅਨੁਸਾਰ ਸਰਲ ਭਾਸ਼ਾ ਵਿਚ ਸਿਰਜਿਆ ਹੈ। ਭੁਪਿੰਦਰ ਸਿੰਘ ਜੋਗੇਵਾਲਾ ਦੀ ਪੁਸਤਕ " ਸੁਰਖ਼ਾਬ" ਬਾਰੇ ਡਾਕਟਰ ਅਮਰਜੀਤ ਕੌਂਕੇ ਨੇ ਆਪਣੇ ਵਿਚਾਰ ਪਰਗਟ ਕਰਦਿਆਂ ਕਿਹਾ ਕਿ ਭੁਪਿੰਦਰ ਜੋਗੇਵਾਲਾ ਆਪਣੇ ਆਲੇ ਦੁਆਲੇ ਦੇ ਸਮਾਜ ਵਿੱਚ ਵਾਪਰ ਰਹੀਆਂ ਸਾਰੀਆਂ ਘਟਨਾਵਾਂ ਅਤੇ ਸਥਿਤੀਆਂ / ਪ੍ਰਸਥਿਤੀਆਂ ਬਾਰੇ ਆਪਣਾ ਦ੍ਰਿਸ਼ਟੀਕੋਣ



ਸੰਵੇਦਨਾ ਭਰਪੂਰ ਸ਼ੈਲੀ ਵਿਚ ਪੇਸ਼ ਕਰਦਾ ਹੈ। ਇਸ ਮੌਕੇ ਜੋਧ ਸਿੰਘ ਮੋਗਾ ਅਤੇ ਭੁਪਿੰਦਰ ਜੋਗੇਵਾਲਾ ਨੇ ਵੀ ਆਪਣੇ ਵਿਚਾਰ ਰੱਖੇ । ਸਮਾਗਮ ਦੌਰਾਨ ਪਰਮਜੀਤ ਚੂਹੜਚੱਕ ਅਤੇ ਨਾਮਵਰ ਲੇਖਕ ਡਾ. ਅਮਰਜੀਤ ਕੌਂਕੇ ਨੂੰ ਉਹਨਾਂ ਵੱਲੋਂ ਸਾਹਿਤ ਵਿਚ ਪਾਏ ਜਾ ਰਹੇ ਯੋਗਦਾਨ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਜੋਧ ਸਿੰਘ ਮੋਗਾ ਅਤੇ ਭੁਪਿੰਦਰ ਜੋਗੇਵਾਲਾ ਨੇ ਸਤਿਕਾਰ ਵਜੋਂ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਨੂੰ ਆਪਣੀਆਂ ਪੁਸਤਕਾਂ ਭੇਟ ਕੀਤੀਆਂ।

# ਸੀ.ਆਈ.ਏ. ਸਟਾਫ ਮੋਹਾਲ਼ੀ ਵੱਲੋਂ 1 ਨਾਜਾਇਜ਼ ਪਿਸਤੌਲ .32 ਬੋਰ ਅਤੇ 2 ਜ਼ਿੰਦਾ ਕਾਰਤੂਸ ਸਮੇਤ 2 ਮੁਲਜ਼ਮ ਗ੍ਰਿਫ਼ਤਾਰ, ਇੱਕ ਮਹਿੰਦਰਾ ਗੱਡੀ ਵੀ ਬ੍ਰਾਮਦ

ਐੱਸਏਐੱਸ ਨਗਰ, 9 ਸਤੰਬਰ (ਗਿਆਨ ਸਿੰਘ): ਸੀਨੀਅਰ ਕਪਤਾਨ ਪੁਲਿਸ, ਜ਼ਿਲ੍ਹਾ ਐੱਸ.ਏ.ਐੱਸ. ਨਗਰ ਦੀਪਕ ਪਾਰਿਕ ਆਈ.ਪੀ.ਐੱਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੋਹਾ਼ਲੀ ਪੁਲਿਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਦੌਰਾਨ ਕਪਤਾਨ ਪੁਲਿਸ ਇੰਨਵੈਸਟੀਗੇਸ਼ਨ ਡਾ. ਜੋਤੀ ਯਾਦਵ, ਜ਼ਲ੍ਹਿਾ ਐਸ.ਏ.ਐਸ. ਨਗਰ ਅਤੇ ਉੱਪ ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਤਲਵਿੰਦਰ ਸਿੰਘ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਮੋਹਾ਼ਲੀ ਕੈਂਪ ਐਂਟ ਖਰੜ ਦੀ ਟੀਮ ਵੱਲੋਂ 02 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 01 ਨਾਜ-ਾਇਜ਼ ਪਿਸਟਲ .32 ਬੋਰ ਸਮੇਤ 02 ਜਿੰਦਾਂ ਰੌਂਦ ਅਤੇ ਇੱਕ ਗੱਡੀ ਨੰ: 19--3453 ਬ੍ਰਾਮਦ ਕਰਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ।

ਉਨ੍ਹਾਂ ਜਾਣਕਾਰੀ ਦਿੰਦੇ ਦੱਸਿਆ ਕਿ ਮਿਤੀ 05-09-2024 ਨੂੰ ਸੀ.ਆਈ.ਏ. ਸਟਾਫ ਦੀ ਪੁਲਿਸ ਪਾਰਟੀ ਨੇੜੇ ਏਅਰਪੋਰਟ ਚੌਂਕ ਮੌਜੂਦ ਸੀ, ਜਿੱਥੇ ਸੀ.ਆਈ.ਏ. ਸਟਾਫ ਦੇ ਏ ਐਸ ਆਈ ਗੁਰਦੀਪ ਸਿੰਘ ਨੂੰ ਸੂਚਨਾ ਮਿ਼ਲੀ ਕਿ



ਏਵਨਪ੍ਰੀਤ ਸਿੰਘ ਪੁੱਤਰ ਇਕਬਾਲ ਸਿੰਘ ਵਾਸੀ ਮਹਿਲ ਕਲਾਂ, ਜ਼ਲ੍ਹਿਾ ਬਰਨਾ਼ਲਾ ਅਤੇ ਸੰਦੀਪ ਸਿੰਘ ਉਰਫ ਮਿੰਟੂ ਪੁੱਤਰ ਜਗਰੂਪ ਵਾਸੀ ਪਿੰਡ ਸਹੋਰ, ਜ਼ਲ੍ਹਿਾ ਬਰਨਾ਼ਲਾ ਦੇ ਰਹਿਣ ਵਾ਼ਲੇ ਹਨ, ਜਿਨਾਂ ਪਾਸ ਨਾਜਾਇਜ਼ ਹਥਿਆਰ ਹਨ ਅਤੇ ਇਹਨਾਂ ਵਿਰੁੱਧ ਪਹਿਲਾਂ ਵੀ ਲੜਾਈ ਝਗੜੇ ਦੇ ਮੁਕੱਦਮੇ ਦਰਜ ਹਨ। ਜੋ ਅੱਜ ਵੀ ਗੱਡੀ ਨੰ: 19--3453 ਮਾਰਕਾ ਮਹਿੰਦਰਾ -300 ਰੰਗ ਕਾ਼ਲਾ ਪਰ ਸਵਾਰ ਹੋ ਕੇ ਛੱਤ ਲਾਈਟਾਂ ਨੇੜੇ ਆਪਣੇ ਕਿਸੇ ਦੋਸਤ ਦੀ ਉਡੀਕ ਕਰ ਰਹੇ ਹਨ। ਜੇਕਰ ਰੇਡ ਕਰਕੇ ਕਾਬੂ ਕੀਤਾ ਜਾਵੇ ਤਾਂ ਇਹਨਾਂ ਪਾਸੋਂ ਨਜਾਇਜ ਹਥਿਆਰ ਬ੍ਰਾਮਦ ਹੋ ਸਕਦੇ ਹਨ।

ਮਿਲੀ ਸੂਚਨਾ ਦੇ ਅਧਾਰ ਤੇ ਨਿਮਨਲਿਖਤ ਦੋਸ਼ੀਆਂ ਵਿਰੁੱਧ ਮੁਕੱਦਮਾ ਨੰ: 104 ਮਿਤੀ 05-09-2024 ਅ/ਧ 25-54-59 ਅਸਲਾ ਐਕਟ ਥਾਣਾ ਆਈ.ਟੀ. ਸਿਟੀ ਦਰਜ ਰਜਿਸਟਰ ਕੀਤਾ ਗਿਆ। ਜਿਨਾਂ ਨੂੰ ਨੇੜੇ ਛੱਤ ਲਾਈਟਾਂ ਸਲਿੱਪ ਰੋਡ ਤੋਂ ਕਾਬੂ ਕਰਕੇ ਗੱਡੀ ਨੰ: 19--3453 ਦੇ ਡੈਸ਼ਬੋਰਡ ਵਿੱਚੋਂ ਇੱਕ ਪਿਸਟਲ .32 ਬੋਰ ਸਮੇਤ 02 ਜਿੰਦਾ ਰੌਂਦ ਬ੍ਰਾਮਦ ਕੀਤੇ ਗਏ। ਦੋਸ਼ੀ ਪੁਲਿਸ ਰਿਮਾਂਡ ਅਧੀਨ ਹਨ, ਜਿਨਾਂ ਪਾਸੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਕਿ ਉਹ ਇਹ ਹਥਿਆਰ ਕਿਸ ਪਾਸੋਂ ਅਤੇ ਕਿਸ ਮਕਸਦ ਲਈ ਲੈ ਕੇ ਆਏ ਸਨ।

ਮੁਲਜ਼ਮਿ ਏਵਨਪ੍ਰੀਤ ਸਿੰਘ ਪੁੱਤਰ ਇਕਬਾਲ ਸਿੰਘ ਵਾਸੀ ਪਿੰਡ ਮਹਿਲ ਖੁਰਦ ਥਾਣਾ ਮਹਿਲ ਕਲਾਂ ਹਾਲ ਵਾਸੀ ਗੋਲਡਨ ਕਲੋਨੀ,
ਮਹਿਲ ਕਲਾਂ, ਥਾਣਾ ਮਹਿਲ ਕਲਾਂ, ਜਿਲਾ ਬਰਨਾ਼ਲਾ ਜਿਸਦੀ ਉਮਰ ਕਰੀਬ 27 ਸਾਲ ਹੈ, ਜੋ ਬਾਰਾਂ ਕਲਾਸਾਂ ਪਾਸ ਹੈ, ਅਤੇ ਅਨ-ਮੈਰਿਡ ਹੈ। ਦੋਸ਼ੀ ਦੇ ਖਿਲਾਫ ਪਹਿਲਾਂ ਵੀ ਥਾਣਾ ਮਹਿਲ ਕਲਾਂ ਵਿੱਚ ਲੜਾਈ ਝਗੜੇ ਦਾ ਮੁਕੱਦਮਾ ਦਰਜ ਹੈ।

ਮੁਲਜ਼ਮ ਸੰਦੀਪ ਸਿੰਘ ਉਰਫ ਮਿੰਟੂ ਪੁੱਤਰ ਜਗਰੂਪ ਸਿੰਘ ਵਾਸੀ ਪਿੰਡ ਸਹੋਰ, ਥਾਣਾ ਠੁੱਲੀ ਵਾ਼ਲ, ਜਿਲਾ ਬਰਨਾ਼ਲਾ ਜਿਸਦੀ ਉਮਰ ਕਰੀਬ 36 ਸਾਲ ਹੈ, ਜੋ ਬਾਰਾਂ ਕਲਾਸਾਂ ਪਾਸ ਹੈ ਅਤੇ ਸ਼ਾਦੀ ਸ਼ੁਦਾ ਹੈ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

# ਡਾਕ ਬਾਬੂ (ਬੰਗਾਲੀ ਕਹਾਣੀ)

ਰਾਬਿੰਦਰਨਾਥ ਟੈਗੋਰ

ਡਾਕ ਬਾਬੂ ਨੇ ਆਪਣੀ ਨੌਕਰੀ ਉਲਾਪੁਰ ਪਿੰਡ ਵਿਚ ਸ਼ੁਰੂ ਕੀਤੀ। ਪਿੰਡ ਤਾਂ ਨਿੱਕਾ ਜਿਹਾ ਸੀ ਪਰ ਇਕ ਗੋਰੇ ਨੇ ਲਾਜਵਰ (ਨੀਲ) ਦਾ ਕਾਰਖਾਨਾ ਲਾ ਲਿਆ ਜਿਸ ਵਾਸਤੇ ਡਾਕਖਾਨੇ ਦਾ ਪ੍ਰਬੰਧ ਹੋ ਗਿਆ।

ਆਪਣਾ ਇਹ ਬਾਬੂ ਕਲਕੱਤੇ ਦਾ ਸੀ। ਦੂਰ ਦੇ ਇਸ ਪਿੰਡ ਵਿਚ ਉਸ ਦੀ ਹਾਲਤ ਪਾਣੀ ਵਿਚੋਂ ਨਿਕਲੀ ਮੱਛੀ ਵਰਗੀ ਸੀ। ਉਸ ਦਾ ਦਫ਼ਤਰ ਅਤੇ ਰਹਿਣ ਵਾਲਾ ਕਮਰਾ ਫੂਸ ਦੀ ਛੱਤ ਵਾਲੀ ਹਨੇਰੀ ਛੰਨ ਜਿਹੀ ਸੀ। ਨੇੜੇ ਹਰੇ ਰੰਗ ਦੇ ਪਾਣੀ ਵਾਲਾ ਛੱਪੜ, ਛੱਪੜ ਦੁਆਲੇ ਸੰਘਣੀਆਂ ਝਾੜੀਆਂ, ਵੇਲਾਂ, ਬੂਟੇ।

ਲਾਜਵਰ ਕਾਰਖਾਨੇ ਦੇ ਮੁਲਾਜ਼ਮਾਂ ਵਾਸਤੇ ਮਨੋਰੰਜਨ ਨਾਮ ਦੀ ਕੋਈ ਚੀਜ਼ ਨਹੀਂ ਸੀ। ਮਜ਼ਦੂਰਾਂ ਨਾਲ ਗੱਲਬਾਤ ਵੀ ਕੀ ਹੋ ਸਕਦੀ ਹੈ। ਕਲਕੱਤੇ ਦਾ ਇਹ ਮੁੰਡਾ ਅਜਨਬੀਆਂ ਨਾਲ ਘੁਲਣਾ-ਮਿਲਣਾ ਜਾਣਦਾ ਵੀ ਨਹੀਂ ਸੀ। ਅਣਜਾਣੇ ਬੰਦਿਆਂ ਵਿਚ ਜਾਂ ਤਾਂ ਉਹ ਆਪਣੇ ਆਪ ਨੂੰ ਉਨ੍ਹਾਂ ਤੋਂ ਵਧੀਆ ਸਮਝਣ ਲਗਦਾ, ਜਾਂ ਬੇਚੈਨ ਹੋ ਜਾਂਦਾ। ਨਾ ਤਾਂ ਜ਼ਿਆਦਾ ਕੋਈ ਕੰਮ ਹੁੰਦਾ ਕਿ ਰੁਝਿਆ ਰਹੇ, ਨਾ ਉਸ ਦਾ ਕੋਈ ਮੇਲੀ-ਗੇਲੀ ਸੀ।

ਕਦੇ-ਕਦੇ ਤੁਕਬੰਦੀ ਕਰਨ ਲੱਗ ਜਾਂਦਾ। ਪੱਤਿਆਂ ਦੀ ਸਰ-ਸਰਾਹਟ ਅਤੇ ਬੱਦਲਾਂ ਦੀ ਤੋਰ ਜੀਵਨ ਵਿਚ ਖੇੜੇ ਲਿਆਉਣ ਵਾਸਤੇ ਕਾਫੀ ਹਨ, ਉਸ ਦੀਆਂ ਕਵਿਤਾਵਾਂ ਵਿਚਲੇ ਖਿਆਲ ਕੁਝ ਇਸ ਤਰ੍ਹਾਂ ਦੇ ਹੁੰਦੇ, ਪਰ ਕਦੇ-ਕਦੇ ਉਹਦੇ ਦਿਲ ਵਿਚ ਆਉਂਦਾ ਕਿ ਪਰੀ ਕਹਾਣੀਆਂ ਵਿਚਲਾ ਜਿੰਨ ਇਕੋ ਹੁਝਕੇ ਨਾਲ ਦਰਖਤ, ਪੱਤੇ; ਸਾਰਾ ਕੁਝ ਹੂੰਝ ਕੇ ਲੈ ਜਾਵੇ ਤੇ ਪੱਕੀਆਂ ਸੜਕਾਂ ਦੁਆਲੇ ਐਨੀਆਂ ਉਚੀਆਂ-ਉਚੀਆਂ ਇਮਾਰਤਾਂ ਬਣਾ ਦਏ ਕਿ ਬੱਦਲ ਉਨ੍ਹਾਂ ਦੀ ਓਟ ਵਿਚ ਦਿਸਣ ਹੀ ਨਾ। ਮਜ਼ਾ ਆ ਜਾਏ ਫਿਰ ਤਾਂ।

ਤਨਖਾਹ ਥੋੜੀ ਸੀ। ਆਪਣਾ ਖਾਣਾ ਆਪ ਪਕਾਉਂਦਾ, ਵਿਚੋਂ ਬਚਦਾ ਰਤਨੀ ਨੂੰ ਦੇ ਦਿੰਦਾ। ਪਿੰਡ ਦੀ ਇਹ ਯਤੀਮ ਕੁੜੀ ਰਤਨੀ ਉਸ ਦੇ ਨਿੱਕੇ ਮੋਟੇ ਕੰਮ ਕਰ ਦਿੰਦੀ।

ਸ਼ਾਮੀ ਪਸ਼ੂ-ਵਾੜਿਆਂ ਵਿਚੋਂ ਜਦੋਂ ਧੂੰਏਂ ਦੇ ਕੁੰਡਲ ਉਪਰ ਉਠਣ ਲਗਦੇ ਤੇ ਬੀਂਡੇ ਹਰ ਇਕ ਝਾੜੀ ਵਿਚ ਗਾਉਣ ਲਗਦੇ, ਆਜੜੀਆਂ ਦੇ ਗੀਤਾਂ ਦੀਆਂ ਅਜੀਬ ਤਿੱਖੀਆਂ ਧੁਨਾਂ ਸੁਣਦੀਆਂ ਤਾਂ ਬਾਂਸਾਂ ਦੇ ਪੱਤਿਆਂ ਦੀ ਸਰ-ਸਰਾਹਟ ਸੁਣਦਾ ਹੋਇਆ ਕੋਈ ਬੰਦਾ ਖੌਫਜ਼ਦਾ ਵੀ ਹੋ ਸਕਦਾ ਸੀ। ਡਾਕ ਬਾਬੂ ਆਪਣਾ ਨਿੱਕਾ ਦੀਵਾ ਬਾਲ ਕੇ 'ਵਾਜ ਮਾਰਦਾ- ਰਤਨੀ!

ਇਹ ਆਵਾਜ਼ ਸੁਣਨ ਵਾਸਤੇ ਰਤਨੀ ਬਾਹਰ ਕੰਧ ਨਾਲ ਲੱਗੀ ਬੈਠੀ ਹੁੰਦੀ, ਤੇ ਉਠ ਕੇ ਤੁਰੰਤ ਅੰਦਰ ਜਾਣ ਦੀ ਥਾਂ ਪੁੱਛਦੀ- ਤੁਸੀਂ ਮੈਨੂੰ ਬੁਲਾਇਆ ਦਾਦਾ?

-ਕੀ ਕਰਦੀ ਸੀ? ਬਾਬੂ ਪੁੱਛਦਾ।

-ਮੈਂ ਚੁੱਲ੍ਹੇ ਵਿਚ ਅੱਗ ਬਾਲ ਦੇਵਾਂ। ਰਤਨੀ ਆਖ ਦਿੰਦੀ।

ਚੁੱਲ੍ਹਾ ਭਖਾਉਣ ਲਗਦੀ ਤਾਂ ਬਾਬੂ ਕੁਝ ਇਸ ਤਰ੍ਹਾਂ ਗੱਲ ਤੋਰਦਾ- ਤੈਨੂੰ ਆਪਣੀ ਮਾਂ ਬਾਰੇ ਯਾਦ ਹੈ ਕੁਝ? ਗੱਲ ਸ਼ੁਰੂ ਕਰਨ ਵਾਸਤੇ ਇਹੋ ਤਰੀਕਾ ਠੀਕ ਸੀ। ਪਿਤਾ ਉਸ ਨੂੰ ਵਧੀਕ ਪਿਆਰ ਕਰਦਾ ਸੀ, ਇਸ ਲਈ ਉਸ ਦੀਆਂ ਗੱਲਾਂ ਕੁਝ ਜ਼ਿਆਦਾ ਯਾਦ ਸਨ। ਦਿਨ ਭਰ ਕੰਮ ਮੁਕਾ ਕੇ ਉਸ ਦਾ ਪਿਤਾ ਤਰਕਾਲਾਂ ਪਈਆਂ ਤੋਂ ਘਰ ਪਰਤਦਾ, ਤਸਵੀਰਾਂ ਵਾਂਗੂੰ ਇਕ-ਦੋ ਤਰਕਾਲਾਂ ਬਾਕੀਆਂ ਨਾਲੋਂ ਵਧੀਕ ਸਾਫ ਦਿਸਦੀਆਂ। ਬਾਬੂ ਦੇ ਕਦਮਾਂ ਨੇੜੇ ਉਹ ਚੌਕੜੀ ਮਾਰ ਕੇ ਬੈਠ ਜਾਂਦੀ, ਯਾਦਾਂ ਦੇ ਕਾਫਲੇ ਤੁਰਦੇ ਆਉਂਦੇ। ਉਹਦਾ ਨਿੱਕਾ ਜਿਹਾ ਭਰਾ ਵੀ ਸੀ ਤੇ ਬੱਦਲਵਾਈ ਦੇ ਦਿਨ ਛੱਪੜ ਦੇ ਕੰਢੇ ਬੈਠ ਕੇ ਉਹ ਦੋਵੇਂ ਜਣੇ ਮੱਛੀਆਂ ਫੜਨ ਦੀ ਝੂਠੀ-ਮੂਠੀ ਖੇਡ ਖੇਡਿਆ ਕਰਦੇ। ਨਿੱਕੀਆਂ-ਨਿੱਕੀਆਂ ਘਟਨਾਵਾਂ ਵਿਚੋਂ ਵੱਡੀਆਂ-ਵੱਡੀਆਂ ਯਾਦਾਂ ਨਿੱਕਲੀ ਜਾਂਦੀਆਂ। ਗੱਲਾਂ ਕਰਦਿਆਂ-ਕਰਦਿਆਂ ਕਦੇ ਤਾਂ ਏਨੀ ਦੇਰ ਹੋ ਜਾਂਦੀ ਕਿ ਖਾਣਾ ਬਣਾਉਣ ਦੀ ਘੌਲ ਹੋ ਜਾਂਦੀ। ਰਤਨੀ ਕਾਹਲੀ-ਕਾਹਲੀ ਅੱਗ ਬਾਲ ਕੇ ਸਵੇਰ ਦੀਆਂ ਬਚੀਆਂ ਪਈਆਂ ਰੋਟੀਆਂ ਗਰਮ ਕਰ ਕੇ, ਮੱਖਣ ਰੱਖ ਕੇ ਬਾਬੂ ਨੂੰ ਫੜਾ ਦਿੰਦੀ, ਕੁਝ ਆਪ ਖਾ ਲੈਂਦੀ।

ਇਸ ਵੱਡੀ ਸਾਰੀ ਛੰਨ ਦੇ ਕੋਨੇ ਵਿਚ ਪਏ ਬੈਂਚ ਉਪਰ ਬੈਠਾ ਬਾਬੂ ਵੀ ਕਦੀ ਕਦਾਈਂ ਕਲਕੱਤੇ ਆਪਣੇ ਘਰ ਪੁੱਜ ਜਾਂਦਾ; ਮਾਂ, ਭੈਣਾਂ ਇਸ ਬਣਵਾਸ ਵਿਚ ਯਾਦ ਆਉਂਦੀਆਂ। ਦਿਲ ਉਦਾਸ ਹੋ ਜਾਂਦਾ। ਇਨ੍ਹਾਂ ਬਾਰੇ ਇਸ ਨਿੱਕੀ ਕੁੜੀ ਨਾਲ ਤਾਂ ਗੱਲਾਂ ਆਰਾਮ ਨਾਲ ਕਰ ਸਕਦਾ ਸੀ, ਪਰ ਫੈਕਟਰੀ ਦੇ ਮਜ਼ਦੂਰਾਂ ਨਾਲ ਕੋਈ ਗੱਲ ਨਹੀਂ ਹੋ ਸਕਦੀ। ਉਹਨੂੰ ਇਉਂ ਭੁਲੇਖਾ ਪੈਂਦਾ ਜਿਵੇਂ ਇਹ ਕੁੜੀ ਉਹਦੇ ਘਰ ਦੇ ਸਾਰੇ ਜੀਆਂ ਨੂੰ ਜਾਣਦੀ ਹੈ। ਇਹ ਗੱਲ ਹੈ ਵੀ ਸੱਚ ਸੀ, ਸੁਣ-ਸੁਣ ਕੇ ਕੁੜੀ ਦੇ ਨਿੱਕੇ ਦਿਲ ਵਿਚ ਬਾਬੂ ਦੇ ਘਰ ਦੇ ਜੀਆਂ ਦੀਆਂ ਤਸਵੀਰਾਂ ਬਣ ਗਈਆਂ ਸਨ।

ਬਾਰਸ਼ ਰੁਕੀ ਤਾਂ ਇਕ ਦੁਪਹਿਰ ਠੰਢੀ ਹਵਾ ਵਗ ਰਹੀ ਸੀ, ਪਰ ਕਦੀ-ਕਦੀ ਪੱਤਿਆਂ ਅਤੇ ਸੰਘਣੇ ਘਾਹ ਵਿਚੋਂ ਦੀ ਹਵਾ ਦਾ ਗਰਮ ਬੁੱਲਾ ਥੱਕੀ ਹੋਈ ਧਰਤੀ ਦਾ ਹਉਕਾ ਲਗਦਾ। ਇਕ ਪੰਛੀ ਦੇਰ ਤੱਕ ਲਗਾਤਾਰ ਕੁਦਰਤ ਦੇ ਕੰਨ ਵਿਚ ਆਪਣੀ ਨਿੱਕੀ ਚੁੰਜ ਰਾਹੀਂ ਸ਼ਿਕਾਇਤਾਂ ਲਾਉਂਦਾ ਰਿਹਾ।

ਬਾਬੂ ਕੋਲ ਕਰਨ ਵਾਸਤੇ ਕੁਝ ਨਹੀਂ ਸੀ। ਤਾਜ਼ੇ ਧੋਏ ਹੋਏ ਪੱਤਿਆਂ ਦੀ ਸਰ-ਸਰਾਹਟ ਅਤੇ ਖਾਲੀ ਹੋਏ ਬੱਦਲਾਂ ਦੀ ਵਾਪਸੀ, ਦੇਖਣ ਵਾਲੇ ਨਜ਼ਾਰੇ ਸਨ। ਡਾਕ ਬਾਬੂ ਦੇਖ ਰਿਹਾ ਸੀ ਤੇ ਸੋਚ ਰਿਹਾ ਸੀ- ਕਾਸ਼! ਕੋਈ ਆਪਣਾ, ਕੋਈ ਦਿਲ ਦੀ ਗੱਲ ਕਰਨ ਸੁਣਨ ਵਾਲਾ, ਨੇੜੇ-ਤੇੜੇ ਹੁੰਦਾ।

ਚਹਿ-ਚਹਾਉਂਦੇ ਪੰਛੀ ਦਾ ਅਤੇ ਸਰ-ਸਰ ਕਰਦੇ ਪੱਤਿਆਂ ਦਾ ਹਾਲ ਵੀ ਇਹੋ ਸੀ। ਛੋਟੀ ਨੌਕਰੀ ਕਰਦੇ ਬਾਬੂ ਦੀ ਵੇਦਨਾ ਜਾਣਨ-ਸੁਣਨ ਵਾਲਾ ਕੋਈ ਨਹੀਂ ਸੀ।

ਹਉਕਾ ਲੈ ਕੇ ਬਾਬੂ ਨੇ 'ਵਾਜ ਮਾਰੀ- ਰਤਨੀ।

ਅਮਰੂਦ ਦੇ ਦਰਖਤ ਹੇਠ ਲੱਤਾਂ ਨਿਸਾਲੀ ਬੈਠੀ ਰਤਨੀ, ਕੱਚੇ ਅਮਰੂਦ ਖਾਣ ਵਿਚ ਮਗਨ ਸੀ।

ਮਾਸਟਰ ਦੀ ਆਵਾਜ਼ ਸੁਣ ਕੇ ਫਟਾਫਟ ਉਠੀ ਤੇ ਕਿਹਾ- ਮੈਨੂੰ ਬੁਲਾਇਐ ਦਾਦਾ?

-ਸੋਚ ਰਿਹਾ ਸੀ ਤੈਨੂੰ ਪੜ੍ਹਨਾ ਸਿਖਾ ਦਿਆ ਕਰਾਂ।

ਦੁਪਹਿਰ ਬਾਅਦ ਸਾਰਾ ਸਮਾਂ ਉਹ ਅੱਖਰਾਂ ਦੀ ਪਛਾਣ ਕਰਵਾਉਂਦਾ ਰਿਹਾ। ਥੋੜੇ ਦਿਨਾਂ ਵਿਚ ਉਹ ਦੋ-ਦੋ ਅੱਖਰ ਜੋੜਨੇ ਸਿੱਖ ਗਈ।

ਲਗਦਾ ਸੀ ਝੜੀ ਮੁੱਕਣ ਨਹੀਂ ਲੱਗੀ। ਨਹਿਰਾਂ, ਛੱਪੜ ਟੋਏ ਸਭ ਨੱਕੋ-ਨੱਕ ਭਰੇ ਹੋਏ। ਦਿਨ-ਰਾਤ ਕਣੀਆਂ ਦੀ ਤੜ-ਤੜ ਤੇ ਡੱਡੂਆਂ ਦੀ ਗੜੈਂ-ਗੜੈਂ ਸੁਣਾਈ ਦਿੰਦੀ। ਰਾਹ ਬੰਦ ਹੋ ਗਏ ਸਨ ਤੇ ਕੁਝ ਖਰੀਦਣ ਲਈ ਜਾਣਾ ਪੈ ਜਾਂਦਾ ਤਾਂ ਟੇਢੇ-ਮੇਢੇ ਹੋ ਕੇ ਛਾਲਾਂ ਮਾਰ-ਮਾਰ ਪਾਣੀ ਉਪਰੋਂ ਲੰਘਣਾ ਪੈਂਦਾ।

ਸਵੇਰ ਦੀ ਸੰਘਣੀ ਬੱਦਲਵਾਈ ਹੇਠ ਇਹ ਨਿੱਕੀ ਵਿਦਿਆਰਥਣ ਦਰਵਾਜੇ ਦੇ ਬਾਹਰ ਉਡੀਕਦੀ ਰਹੀ ਕਿ 'ਵਾਜ ਸੁਣੇਗੀ, ਪਰ ਦੇਰ ਤੱਕ ਕੋਈ ਆਵਾਜ਼ ਨਾ ਸੁਣੀ ਤਾਂ ਆਪਣਾ ਫਟਿਆ ਪੁਰਾਣਾ ਕਾਇਦਾ ਫੜੀ ਹੌਲੀ ਦੇਣੀ ਅੰਦਰ ਲੰਘ ਆਈ। ਮਾਸਟਰ ਨੂੰ ਚਟਾਈ 'ਤੇ ਲੇਟਿਆ ਹੋਇਆ ਦੇਖ ਕੇ ਪੱਬਾਂ ਭਾਰ, ਬਿਨਾਂ ਖੜਾਕ ਕਰਨ ਦੇ ਵਾਪਸ ਜਾਣ ਲੱਗੀ ਤਾਂ 'ਵਾਜ ਆਈ- ਰਤਨੀ।

-ਸੌਂ ਰਹੇ ਸੀ ਦਾਦਾ?

-ਮੈਂ ਠੀਕ ਨਹੀਂ ਅੱਜ। ਦੇਖ ਮੇਰਾ ਮੱਥਾ ਕਿਵੇਂ ਤਪ ਰਿਹੈ।

ਬਣਵਾਸ ਵਿਚ, ਉਦਾਸ ਬੱਦਲਵਾਈ ਵਿਚ ਉਹਨੂੰ ਨਾਜ਼ਕ ਹੱਥਾਂ ਦੀ ਛੂਹ ਚਾਹੀਦੀ ਸੀ। ਕੋਈ ਮੱਥਾ ਘੁੱਟੇ ਤੇ ਚੂੜੀਆਂ ਦੀ ਖਣਕਾਰ ਸੁਣਾਈ ਦੇਵੇ; ਮਾਂ, ਭੈਣ ਜਾਂ ਕਿਸੇ ਵੀ ਔਰਤ ਦਾ ਸਾਥ ਚਾਹੀਦਾ ਸੀ। ਬਣਵਾਸ ਮੰਗਲਮਈ ਹੋ ਗਿਆ ਜਦੋਂ ਰਤਨੀ ਨਿੱਕੀ ਛੋਕਰੀ ਨਾ ਰਹੀ। ਅਚਾਨਕ ਜਿਵੇਂ ਉਹ ਵੱਡੀ ਸਾਰੀ ਹੋ ਗਈ ਹੋਵੇ, ਪਿੰਡ ਦੇ ਵੈਦ ਕੋਲੋਂ ਦਵਾਈ ਲੈ ਆਈ। ਜਿਸ ਵੇਲੇ ਜੋ ਗੋਲੀ ਦੇਣੀ ਹੈ, ਦੇਣ ਵਾਸਤੇ ਰਾਤ ਭਰ ਸਰ੍ਹਾਣੇ ਨੇੜੇ ਬੈਠੀ ਜਾਗਦੀ ਰਹੀ। ਥੋੜੀ-ਥੋੜੀ ਦੇਰ ਬਾਅਦ ਪੁੱਛਦੀ- ਕੁਸ਼ ਆਰਾਮ ਆਇਆ ਦਾਦਾ? ਫਰਕ ਪਿਆ?

ਕਮਜ਼ੋਰ ਜਿਸਮ ਮੰਜੇ ਤੋਂ ਉਠਣ ਲੱਗਾ, ਬੋਲਿਆ- ਹੱਦ ਈ ਹੋ ਗਈ। ਬਸ ਹੁਣ ਬਦਲੀ ਕਰਾਉਣੀ ਹੈ ਇਥੋਂ। ਉਸ ਨੇ ਆਪਣਾ ਫੈਸਲਾ ਸੁਣਾਇਆ। ਕਲਕੱਤੇ ਦਫ਼ਤਰ ਭੇਜਣ ਲਈ ਉਸ ਨੇ ਬੈਠ ਕੇ ਅਰਜ਼ੀ ਲਿਖੀ ਤੇ ਸਿਹਤਮੰਦ ਥਾਂ ਨਾ ਹੋਣ ਦੇ ਆਧਾਰ 'ਤੇ ਬਦਲੀ ਵਾਸਤੇ ਬੇਨਤੀ ਕੀਤੀ।

ਬਿਮਾਰ-ਪੁਰਸ਼ੀ ਦੀ ਆਪਣੀ ਡਿਊਟੀ ਨਿਭਾਅ ਕੇ ਇਹ ਨਿੱਕੀ ਨਰਸ ਫਿਰ ਦਰਵਾਜੇ ਦੇ ਬਾਹਰ ਆਪਣੇ ਟਿਕਾਣੇ 'ਤੇ ਪਰਤ ਆਈ, ਪਰ ਉਸ ਨੇ ਸੱਦਣ ਵਾਲੀ 'ਵਾਜ ਨਹੀਂ ਸੁਣੀ। ਝੀਤਾਂ ਵਿਚੋਂ ਦੇਖਦੀ, ਕਦੇ ਬਾਬੂ ਮੇਜ਼ ਕੁਰਸੀ ਡਾਹੀ ਕੁਝ ਲਿਖਣ ਲੱਗਾ ਹੈ, ਕਦੀ ਚਟਾਈ 'ਤੇ ਲੇਟਿਆ ਪਿਐ, ਤੇ ਖਾਲੀ-ਖਾਲੀ ਅੱਖਾਂ ਨਾਲ ਇਧਰ-ਉਧਰ ਦੇਖਦੈ। ਪੁਰਾਣੇ ਪਾਠਾਂ ਨੂੰ ਰੱਟਾ ਲਾਈ ਗਈ, ਜਦੋਂ 'ਵਾਜ ਪਈ ਤੋਂ ਅੰਦਰ ਜਾਏਗੀ ਤਾਂ ਦੋ-ਦੋ ਅਖਰ ਜੋੜ ਕੇ ਸੁਣਾਉਣੇ ਹੋਣਗੇ ਨਾ।

ਹਫ਼ਤੇ ਬਾਅਦ ਇਕ ਸ਼ਾਮ ਆਵਾਜ਼ ਸੁਣੀ। ਖੁਸ਼-ਖੁਸ਼ ਰਤਨੀ ਕਮਰੇ ਅੰਦਰ ਗਈ- ਮੈਨੂੰ 'ਵਾਜ ਮਾਰੀ ਦਾਦਾ?

ਬਾਬੂ ਨੇ ਕਿਹਾ- ਸਵੇਰ ਮੈਂ ਚਲਾ ਜਾਵਾਂਗਾ ਰਤਨੀ।

-ਕਿਥੇ ਜਾਓਗੇ ਦਾ?

-ਘਰ ਜਾਊਂਗਾ। ਕਲਕੱਤੇ।

-ਤੇ ਮੁੜੋਗੇ ਕਦੋਂ?

-ਹੁਣ ਨੀ ਮੈਂ ਆਉਣਾ।

ਰਤਨੀ ਨੇ ਅਗਲਾ ਸਵਾਲ ਨਹੀਂ ਪੁੱਛਿਆ। ਬਾਬੂ ਨੇ ਖੁਦ ਹੀ ਦੱਸਿਆ ਕਿ ਬਦਲੀ ਵਾਲੀ ਉਹਦੀ ਅਰਜ਼ੀ ਮਨਜ਼ੂਰ ਨਹੀਂ ਹੋਈ, ਅਸਤੀਫਾ ਦੇ ਦਿੱਤਾ ਹੈ। ਹੁਣ ਘਰ ਜਾਣਾ ਹੈ।

ਦੇਰ ਤੱਕ ਦੋਵੇਂ ਚੁੱਪ ਰਹੇ। ਦੀਵਾ ਧੀਮਾ-ਧੀਮਾ ਬਲਦਾ ਰਿਹਾ। ਚੋਂਦੀ ਛੱਤ ਵਿਚੋਂ ਹੇਠਾਂ ਰੱਖੇ ਘੜੇ ਵਿਚ ਡਿਗਦੀ ਬੂੰਦ ਦੀ ਆਵਾਜ਼ ਰੁਕ-ਰੁਕ ਕੇ ਆਉਂਦੀ ਰਹੀ। ਟੱਪ-ਟੱਪ ਟੱਪ-ਟੱਪ। ਰਤਨੀ ਉਠੀ, ਚੁੱਲ੍ਹੇ ਵਿਚ ਅੱਗ ਬਾਲਣ ਵਾਸਤੇ ਰਸੋਈ ਵੱਲ ਗਈ। ਉਸ ਦੇ ਹੱਥਾਂ ਵਿਚ ਪਹਿਲਾਂ ਵਾਂਗ ਫੁਰਤੀ ਨਹੀਂ ਅੱਜ। ਉਸ ਦੇ ਨਿੱਕੇ ਜਿਹੇ ਸਿਰ ਵਿਚ ਕਈ ਕਿਸਮ ਦੇ ਨਵੇਂ ਖਿਆਲਾਂ ਦੀ ਆਵਾਜਾਈ ਹੁੰਦੀ ਰਹੀ। ਬਾਬੂ ਨੇ ਖਾਣਾ ਖਾ ਲਿਆ ਤਾਂ ਅਚਾਨਕ ਕੁੜੀ ਨੇ ਕਿਹਾ- ਮੈਨੂੰ ਵੀ ਆਪਣੇ ਨਾਲ ਲੈ ਜਾਓ ਦਾਦਾ।

ਬਾਬੂ ਹੱਸ ਪਿਆ- ਤੈਨੂੰ ਲਿਜਾਵਾਂ? ਕਮਾਲ ਐ!

ਪਹਿਲਾਂ ਜਾਗਦਿਆਂ, ਫਿਰ ਸੁਫਨਿਆਂ ਵਿਚ ਉਸ ਨੂੰ ਹੱਸਦੇ ਬਾਬੂ ਦਾ ਇਕ ਵਾਕ ਲਗਾਤਾਰ ਸੁਣਾਈ ਦੇਈ ਗਿਆ- ਕਮਾਲ ਐ!

ਸਵੇਰ ਵੇਲੇ ਬਾਬੂ ਉਠਿਆ, ਇਸ਼ਨਾਨ ਵਾਸਤੇ ਪਾਣੀ ਦਾ ਘੜਾ ਭਰਿਆ ਪਿਆ ਸੀ। ਪੇਂਡੂਆਂ ਵਾਂਗ ਦਰਿਆ ਵਿਚ ਛਾਲ ਮਾਰਨ ਦੀ ਥਾਂ ਉਹ ਸ਼ਹਿਰੀਆਂ ਵਾਂਗ ਘੜੇ ਦੇ ਪਾਣੀ ਨਾਲ ਨਹਾਉਂਦਾ ਸੀ। ਕੁੜੀ ਪੁੱਛ ਨਾ ਸਕੀ ਕਦੋਂ ਕੁ ਜਾਣਾ ਹੈ, ਇਸ ਕਰ ਕੇ ਸੂਰਜ ਚੜ੍ਹਨ ਤੋਂ ਪਹਿਲਾਂ ਹੀ ਉਸ ਨੇ ਘੜੇ ਭਰ ਦਿੱਤੇ। ਕੀ ਪਤਾ ਦਾਦਾ ਨੂੰ ਕਦੋਂ ਲੋੜ ਪੈ ਜਾਵੇ। ਨਹਾਉਣ ਤੋਂ ਬਾਅਦ 'ਵਾਜ ਆਈ- ਰਤਨੀ।

ਬਿਨਾਂ ਖੜਾਕ ਕਰਨ ਦੇ ਲੰਘ ਆਈ। ਮਾਸਟਰ ਦੇ ਮੂੰਹ ਵਲ ਖਾਮੋਸ਼ ਦੇਖਦੀ ਰਹੀ ਕਿ ਕੀ ਹੁਕਮ ਹੈ। ਮਾਸਟਰ ਨੇ ਕਿਹਾ- ਮੇਰੇ ਜਾਣ ਪਿਛੋਂ ਘਬਰਾਈਂ ਨਾ ਰਤਨੀ। ਮੇਰੀ ਥਾਉਂ ਜਿਹੜਾ ਬੰਦਾ ਆਵੇਗਾ, ਮੈਂ ਉਹਨੂੰ ਕਹੂੰਗਾ ਤੇਰਾ ਖ਼ਿਆਲ ਰੱਖੇ।

ਇਹ ਸ਼ਬਦ ਦਿਆਲੂ ਲਗਦੇ ਹਨ, ਪਰ ਕੁੜੀ ਦੇ ਦਿਲ ਦੀਆਂ ਕੌਣ ਜਾਣੇ।

ਰਤਨੀ ਨੇ ਬੜੀ ਵਾਰ ਆਪਣੇ ਬਾਬੂ ਤੋਂ ਝਿੜਕਾਂ ਖਾਧੀਆਂ ਸਨ, ਪਰ ਉਸ ਨੇ ਬੁਰਾ ਨਹੀਂ ਮਨਾਇਆ ਸੀ। ਬਾਬੂ ਦੇ ਇਨ੍ਹਾਂ ਦਿਆਲੂ ਲਫ਼ਜ਼ਾਂ ਨੂੰ ਉਹ ਬਰਦਾਸ਼ਤ ਨਾ ਕਰ ਸਕੀ, ਫੁਟ-ਫੁਟ ਕੇ ਰੋਈ- ਨਹੀਂ ਨਹੀਂ। ਕਿਸੇ ਕੋਲ ਮੇਰੀ ਗੱਲ ਕਰਨ ਦੀ ਲੋੜ ਨ੍ਹੀਂ। ਮੈਂ ਇਥੇ ਰਹਿਣਾ ਈ ਨ੍ਹੀਂ ਹੁਣ।

ਬਾਬੂ ਸੁੰਨ ਹੋ ਗਿਆ। ਇਸ ਤਰ੍ਹਾਂ ਦੀ ਰਤਨੀ ਤਾਂ ਉਸ ਨੇ ਕਦੀ ਦੇਖੀ ਨਹੀਂ ਸੀ।

ਨਵਾਂ ਮੁਲਾਜ਼ਮ ਆ ਗਿਆ, ਤੇ ਉਸ ਨੂੰ ਚਾਰਜ ਦੇ ਦਿੱਤਾ। ਤੁਰਨ ਤੋਂ ਪਹਿਲਾਂ ਰਤਨੀ ਨੂੰ ਬੋਲ ਮਾਰਿਆ- ਤੇਰੇ ਵਾਸਤੇ ਥੋੜਾ ਕੁ ਇਹ। ਤੇਰੇ ਕੰਮ ਆਏਗਾ। ਇਹ ਕਹਿ ਕੇ ਉਸ ਨੇ ਸਫਰ ਵਾਸਤੇ ਥੋੜੇ ਪੈਸੇ ਰੱਖ ਕੇ ਬਾਕੀ ਮਹੀਨੇ ਦੀ ਸਾਰੀ ਤਨਖਾਹ ਜੇਬ ਵਿਚੋਂ ਕੱਢ ਕੇ ਰਤਨੀ ਵੱਲ ਹੱਥ ਵਧਾਇਆ।

-ਓ ਦਾਦਾ, ਮੈਂ ਹੱਥ ਜੋੜਦੀ ਆਂ। ਮੈਨੂੰ ਨ੍ਹੀਂ ਚਾਹੀਦਾ ਕੁਝ। ਮੇਰਾ ਭੋਰਾ ਫਿਕਰ ਨਾ ਕਰ। ਇਹ ਕਹਿ ਕੇ ਉਹ ਦੌੜ ਕੇ ਨਜ਼ਰੋਂ ਉਹਲੇ ਹੋ ਗਈ।

ਹਉਕਾ ਲੈ ਕੇ ਬਾਬੂ ਨੇ ਬੈਗ ਚੁੱਕਿਆ, ਮੋਢੇ 'ਤੇ ਛਤਰੀ ਟਿਕਾਈ, ਇਕ ਆਦਮੀ ਨੂੰ ਰੰਗ-ਬਰੰਗਾ ਟਰੰਕ ਚੁਕਾ ਕੇ ਘਾਟ ਵੱਲ ਤੁਰ ਪਿਆ।

ਜਦੋਂ ਬੈਠ ਗਿਆ, ਬੇੜੀ ਠਿਲ੍ਹ ਪਈ, ਧਰਤੀ ਦੇ ਹੰਝੂਆਂ ਵਾਂਗ ਨਦੀ ਵਗਦੀ ਦੇਖੀ, ਚੱਪੂਆਂ ਦੀਆਂ ਸਿਸਕੀਆਂ ਸੁਣੀਆਂ ਤਾਂ ਦਿਲ ਬੈਠਣ ਲੱਗਾ। ਦੁੱਖ ਨਾਲ ਪੀੜਤ ਕੁੜੀ ਦਾ ਚਿਹਰਾ ਉਸ ਨੂੰ ਖਾਮੋਸ਼ ਧਰਤੀ ਮਾਂ ਦੇ ਮੂੰਹ ਵਰਗਾ ਲੱਗਾ। ਇਕ ਵਾਰੀ ਉਹਨੇ ਸੋਚਿਆ, ਵਾਪਸ ਜਾ ਕੇ ਸੰਸਾਰ ਵਲੋਂ ਤਿਆਗੇ ਇਸ ਅੰਬਰੀ ਅੰਡੇ ਨੂੰ ਲੈ ਆਵਾਂ, ਪਰ ਬਾਦਬਾਨਾਂ ਵਿਚ ਤਾਂ ਹਵਾ ਭਰ ਚੁੱਕੀ ਸੀ। ਬੇੜੀ ਤਾਂ ਮੰਝਧਾਰ ਤੱਕ ਅੱਪੜ ਗਈ ਸੀ। ਪਿੰਡ ਦੂਰ ਪਿੱਛੇ ਰਹਿ ਗਿਆ ਸੀ, ਧੁੱਪੇ ਜਲਦੇ ਖੇਤ ਸਾਫ ਦਿਸ ਰਹੇ ਸਨ।

ਤੇਜ਼ ਵਗਦੇ ਦਰਿਆ ਦੀ ਛਾਤੀ ਉਪਰੋਂ ਦੀ ਲੰਘਦੇ ਬਾਬੂ ਦੇ ਦਿਲ ਵਿਚ ਧਰਤੀ ਉਪਰ ਵਾਪਰਦੇ ਮਿਲਾਪ ਅਤੇ ਵਿਜੋਗ ਬਾਬਤ, ਮੌਤ ਬਾਬਤ ਅਣਗਿਣਤ ਦਾਰਸ਼ਨਿਕ ਖਿਆਲ ਆਏ, ਜਿਥੋਂ ਗਏ ਮੁਸਾਫਰ ਵਾਪਸ ਨਹੀਂ ਪਰਤਦੇ।

ਪਰ ਰਤਨੀ ਕੋਲ ਕੋਈ ਫਲਸਫਾ ਨਹੀਂ ਸੀ। ਹੰਝੂਆਂ ਦੇ ਹੜ੍ਹ ਅੱਖਾਂ ਵਿਚ ਚੁੱਕੀ ਉਹ ਡਾਕਖਾਨੇ ਦੁਆਲੇ ਫਿਰਦੀ ਰਹੀ। ਉਹਦੇ ਦਿਲ ਵਿਚ ਅਜੇ ਵੀ ਆਸ ਅੜੀ ਬੈਠੀ ਸੀ- ਸ਼ਾਇਦ ਦਾਦਾ ਵਾਪਸ ਆ ਈ ਜਾਏ, ਆਸ ਉਸ ਦਾ ਰਿਸ਼ਤਾ ਡਾਕਖਾਨੇ ਨਾਲੋਂ ਟੁੱਟਣ ਨਹੀਂ ਸੀ ਦਿੰਦੀ। ਅਫਸੋਸ, ਓ ਮੂਰਖ ਮਨੁੱਖੀ ਦਿਲ!

## ਬੁਲਬੁਲ ਅਤੇ ਅਮਰੂਦ (ਮਿੰਨੀ ਬਾਲ ਕਹਾਣੀ)

ਕਰਮਜੀਤ ਸਿੰਘ ਗਠਵਾਲਾ

ਸਦੀਆਂ ਬੀਤ ਗਈਆਂ ਨੇ ਜਦੋਂ ਦੀ ਗੱਲ ਮੈਂ ਤੁਹਾਨੂੰ ਸੁਣਾ ਰਿਹਾ ਹਾਂ । ਬੁਲ-ਬੁਲ ਨੂੰ ਅੰਤਾਂ ਦੀ ਭੁੱਖ ਲੱਗੀ ਹੋਈ ਸੀ । ਉਹ ਖਾਣਾ ਭਾਲਦੀ-ਭਾਲਦੀ ਅਮਰੂਦ ਦੇ ਬੂਟੇ ਤੇ ਆ ਬੈਠੀ ਤੇ ਲੱਗੀ ਕੱਚੇ ਅਮਰੂਦਾਂ 'ਤੇ ਠੂੰਗੇ ਮਾਰਨ । ਜਿੰਨੇ ਅਮਰੂਦ ਉਹਨੇ ਖਾਧੇ ਉਸ ਤੋਂ ਕਿਤੇ ਵੱਧ ਬਰਬਾਦ ਕਰ ਕੇ ਹੇਠਾਂ ਸੁੱਟ ਦਿੱਤੇ । ਅਮਰੂਦ ਦੇ ਬੂਟੇ ਕੋਲੋਂ ਇਹ ਬਰਬਾਦੀ ਸਹਾਰੀ ਨਾ ਗਈ । ਉਹਨੇ ਬੁਲਬੁਲ ਨੂੰ ਕਿਹਾ, "ਬੁਲਬੁਲੇ ! ਤੇਰੇ ਤੇ ਤੋਤੇ ਵਿੱਚ ਕੋਈ ਫ਼ਰਕ ਹੈ ? ਉਹ ਵੀ ਖਾਂਦਾ ਘੱਟ ਏ ਤੇ ਬਰਬਾਦ ਵੱਧ ਕਰਦਾ ਏ ਤੇ ਤੂੰ ਵੀ ਓਹੋ ਕੁਝ ਕਰਦੀ ਏਂ ।"

ਬੁਲਬੁਲ ਖਿਝ ਕੇ ਬੋਲੀ, "ਤੂੰ ਕਿੱਡਾ ਮੂਰਖ ਏਂ, ਮੈਨੂੰ ਤੋਤੇ ਨਾਲ ਰਲਾ ਦਿੱਤਾ । ਉਹ ਕਿੱਥੇ ਮੈਂ ਕਿੱਥੇ !"

ਅਮਰੂਦ ਦੇ ਬੂਟੇ ਨੇ ਪੁੱਛਿਆ, "ਉਹ ਕਿਸ ਤਰ੍ਹਾਂ ?"

"ਮੈਂ ਫਲ ਤਾਂ ਪੇਟ ਭਰਨ ਲਈ ਖਾਣੇ ਹੀ ਹੋਏ, ਪਰ ਨਾਲ ਤੁਹਾਨੂੰ ਮਿੱਠੇ-ਮਿੱਠੇ ਗੀਤ ਵੀ ਤਾਂ ਸੁਣਾਉਂਦੀ ਹਾਂ," ਬੁਲਬੁਲ ਬੋਲੀ ।

ਅਮਰੂਦ ਦੇ ਬੂਟੇ ਨੇ ਕੁੱਝ ਚਿਰ ਸੋਚਿਆ ਤੇ ਕਹਿਣ ਲੱਗਾ, "ਤੇਰੀ ਗੱਲ ਤਾਂ ਠੀਕ ਏ, ਪਰ ਜੇ ਤੂੰ ਕੇਵਲ ਪੱਕਿਆ ਫਲ ਹੀ ਖਾਏਂ ਤਾਂ ਇਹ ਤੇਰੇ ਲਈ ਵੀ ਸੌਖਾ ਏ ਤੇ ਮੈਨੂੰ ਵੀ ਦਰਦ ਘੱਟ ਤੋਂ ਘੱਟ ਹੋਵੇਗਾ, ਕਿਉਂ ਜੁ ਪੱਕੇ ਫਲਾਂ ਨੇ ਤਾਂ ਝੜਨਾ ਹੀ ਹੋਇਆ ।"

ਬੁਲਬੁਲ ਨੂੰ ਇਹ ਗੱਲ ਜਚ ਗਈ ਤੇ ਉਹ ਖੁਸ਼ੀ-ਖੁਸ਼ੀ ਮੰਨ ਗਈ । ਉਸ ਤੋਂ ਬਾਅਦ ਉਹ ਪੱਕੇ ਫਲ ਹੀ ਖਾਣ ਲੱਗੀ ਤੇ ਜਦੋਂ ਉਹ ਰੱਜ ਜਾਂਦੀ ਫੇਰ ਇੱਕ ਵੀ ਠੂੰਗਾ ਫਲ ਤੇ ਨਾ ਮਾਰਦੀ ।

ਅਮਰੂਦ ਦੇ ਬੂਟੇ ਨੇ ਇੱਕ ਦਿਨ ਸਵੇਰੇ-ਸਵੇਰੇ ਹਵਾ ਨਾਲ ਝੂਮਦੇ ਹੋਏ, ਸਾਰੀ ਗੱਲ ਕੋਲ ਖੜੋਤੇ ਅਨਾਰ ਦੇ ਬੂਟੇ ਨੂੰ ਦੱਸੀ ।

ਦੋਵੇਂ ਗੱਲਾਂ ਕਰ ਹੀ ਰਹੇ ਸਨ ਕਿ ਏਨੇ ਨੂੰ ਇੱਕ ਮੁੰਡਾ ਉੱਥੇ ਆਇਆ ਤੇ ਡੰਡੇ ਨਾਲ ਅਮਰੂਦ ਝਾੜਨ ਲੱਗਾ । ਉਸਨੇ ਕੱਚੇ, ਅੱਧ-ਪੱਕੇ ਅਤੇ ਪੱਕੇ ਕਿੰਨੇ ਹੀ ਅਮਰੂਦ ਝਾੜ ਲਏ । ਫਿਰ ਉਨ੍ਹਾਂ ਵਿੱਚੋਂ ਉਸਨੇ ਜਿਹੜੇ ਚੰਗੇ ਲੱਗੇ ਚੁੱਕ ਲਏ ਤੇ ਬਾਕੀ ਦੇ ਉੱਥੇ ਹੀ ਪਏ ਰਹਿਣ ਦਿੱਤੇ ਅਤੇ ਆਪਣਾ ਕੰਮ ਕਰਕੇ ਉੱਥੋਂ ਚਲਾ ਗਿਆ ।

ਉਸ ਮੁੰਡੇ ਦੇ ਜਾਣ ਤੋਂ ਬਾਅਦ ਅਨਾਰ ਦਾ ਬੂਟਾ ਬੜੇ ਦੁਖੀ ਮਨ ਨਾਲ ਬੋਲਿਆ, "ਅਮਰੂਦ ਯਾਰ ਗੱਲ ਤਾਂ ਤੇਰੀ ਠੀਕ ਏ, ਪਰ ਆਹ ਬੰਦਾ ਪਤਾ ਨਹੀਂ ਕਦੋਂ ਇਹ ਗੱਲ ਸਮਝੇਗਾ ।" ਅਨਾਰ ਦੀ ਇਹ ਗੱਲ ਕੋਲ ਖੜ੍ਹੇ ਹੋਰ ਬੂਟਿਆਂ ਨੂੰ ਅਤੇ ਉਨ੍ਹਾਂ ਉੱਤੇ ਬੈਠੇ ਪੰਛੀਆਂ ਨੂੰ ਸੋਚੀਂ ਪਾ ਗਈ।




